ਅੱਜ ਦਾ ਸ਼ੁਭ ਵਿਚਾਰ



ਜਨਤਕ ਤੌਰ ਤੇ ਕੀਤੀ ਗਈ ਆਲੋਚਨਾ ਅਪਮਾਨ ਵਿੱਚ ਬਦਲ ਜਾਂਦੀ ਹੈ ਅਤੇ ਇਕਾਂਤ ਵਿੱਚ ਦੱਸਣ ਤੇ ਸਲਾਹ ਬਣ ਜਾਂਦੀ ਹੈ।

ਸਮਾਜ ਸੇਵੀ ਕਮਲ ਅਗਰਵਾਲ

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 10 ਜੁਲਾਈ 2024

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111


R. N. I. Punpun/29016/2008 * ਸਾਲ 16 , * ਅੰਕ : 37, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

## ਗੈਰ ਕਾਨੂੰਨੀ ਸੋਨੇ ਦੀ ਖਾਨ ਚ ਮੀਂਹ ਕਾਰਨ ਡਿਗੀਆਂ ਢਿੱਗਾਂ 23 ਲੋਕਾਂ ਦੀ ਮੌਤ




ਜਕਾਰਤਾ (ਲੋਕ ਬਾਣੀ) ਬਚਾਅ ਕਰਮਚਾਰੀ ਇੰਡੋਨੇਸ਼ੀਆ ਦੇ ਸੁਲਾਵੇਸੀ ਟਾਪੂ ਤੇ ਇਕ ਗੈਰ-ਕਾਨੂੰਨੀ ਸੋਨੇ ਦੀ ਖਾਨ ਵਿਚ ਜ਼ਮੀਨ ਖਿਸਕਣ ਤੋਂ ਬਾਅਦ ਮਲਬਾ ਹਟਾ ਰਹੇ ਸਨ ਅਤੇ ਲਾਪਤਾ ਲੋਕਾਂ ਦੀ ਭਾਲ ਕਰ ਰਹੇ ਸਨ। ਜ਼ਮੀਨ ਖਿਸਕਣ ਕਾਰਨ ਘੱਟੋ-ਘੱਟ 23 ਲੋਕਾਂ ਦੀ ਮੌਤ ਹੋ ਗਈ। ਸੂਬਾਈ ਖੋਜ ਅਤੇ ਬਚਾਅ ਦਫ਼ਤਰ ਦੇ ਮੁਖੀ ਹੇਰੀਅਨਟੋ ਨੇ ਕਿਹਾ ਕਿ 100 ਤੋਂ ਵੱਧ ਪਿੰਡ ਵਾਸੀ ਬੋਨ ਬੋਲਾਂਗੋ ਦੇ ਦੂਰ-ਦੁਰਾਡੇ ਅਤੇ ਪਹਾੜੀ ਪਿੰਡ ਵਿਚ ਸੋਨੇ ਦੀ ਖੁਦਾਈ ਕਰ ਰਹੇ ਸਨ ਜਦੋਂ ਆਲੇ-ਦੁਆਲੇ ਦੇ ਪਹਾੜਾਂ ਤੋਂ ਮਿੱਟੀ ਡਿੱਗ ਗਈ, ਉਨ੍ਹਾਂ ਦੇ ਅਸਥਾਈ ਕੈਂਪ ਨੂੰ ਦੱਬ ਦਿੱਤਾ ਗਿਆ। ਲੋਕਾਂ ਦੀ ਭਾਲ ਜਾਰੀ ਹੈ।

## ਪਾਕਿਸਤਾਨ ਦੇ ਹੈਡਮਾਸਟਰ ਦੀ ਕਰਤੂਤ ਮਾਮਲਾ ਦਰਜ



ਪਾਕਿਸਤਾਨ( ਲੋਕ ਬਾਣੀ) -ਅਧਿਆਪਕ ਨੂੰ ਰੱਬ ਦਾ ਦਰਜਾ ਦਿੱਤਾ ਜਾਂਦਾ ਹੈ ਪਰ ਜਦੋਂ ਅਧਿਆਪਕ ਹੀ ਹੈਵਾਨ ਬਣ ਜਾਵੇ ਫੇਰ ਤਾਜ਼ਾ ਮਾਮਲਾ ਪਾਕਿਸਤਾਨ ਦੇ ਕਰਾਚੀ ਸ਼ਹਿਰ ਦੇ ਮੋਚ ਗੋਥ ਇਲਾਕੇ ਦਾ ਹੈ ਜਿਥੇ ਇਕ ਸਕੂਲ ਹੈੱਡਮਾਸਟਰ ਨੇ 10 ਸਾਲਾ ਵਿਦਿਆਰਥਣ ਨਾਲ ਕਥਿਤ ਤੌਰ 'ਤੇ ਜਬਰਜ਼ਿਨਾਹ ਕੀਤਾਂ ਗਿਆ ਪੀੜਤ ਵਿਦਿਆਰਥੀ ਦੀ ਮਾਂ ਵੱਲੋਂ ਪੁਲਿਸ ਕੋਲ ਦਰਜ ਕਰਵਾਈ ਗਈ ਐੱਫ. ਆਈ. ਆਰ. ਵਿੱਚ ਕਿਹਾ ਗਿਆ ਹੈ ਕਿ ਸਕੂਲ ਹੈੱਡਮਾਸਟਰ ਉਸ ਦੀਆਂ ਤਿੰਨ ਧੀਆਂ ਨੂੰ ਪੜ੍ਹਾਉਂਦਾ ਹੈ ਇਸ ਘਟਨਾ ਨਾਲ ਅਧਿਆਪਕ ਤੇ ਵਿਦਿਆਰਥੀ ਦੇ ਰਿਸ਼ਤੇ ਨੂੰ ਤਾਰ ਤਾਰ ਕਰ ਦਿੱਤਾ ਹੈ

## ਸੀਬੀਆਈ ਨੇ ਨੀਟ-ਯੂਜੀ ਮਾਮਲੇ ਵਿਚ ਦੋ ਹੋਰ ਦੋਸ਼ੀ ਕਾਬੂ ਕੀਤੇ



ਪਟਨਾ (ਲੋਕ ਬਾਣੀ) ਸੀਬੀਆਈ ਨੇ ਨੀਟ-ਯੂਜੀ 2024 ਵਿਚ ਬੇਨੇਮੀਆਂ ਤੇ ਪੇਪਰ ਲੀਕ ਮਾਮਲੇ 'ਤੇ ਦੋ ਹੋਰਾਂ ਨੂੰ ਪਟਨਾ ਤੋਂ ਕਾਬੂ ਕੀਤਾ ਹੈ। ਸੀਬੀਆਈ ਨੇ ਮਹਾਰਾਸ਼ਟਰ ਦੇ ਲਾਤੂਰ ਵਿੱਚ ਨੀਟ-ਯੂਜੀ ਪ੍ਰੀਖਿਆ ਵਿੱਚ ਕਥਿਤ ਬੇਨੇਮੀਆਂ ਸਬੰਧੀ ਬੀਤੇ ਦਿਨੀਂ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਸੀ ਜਿਸ ਨਾਲ ਹੁਣ ਤਕ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਗਿਣਤੀ ਗਿਆਰਾਂ ਹੋ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਦੀ ਪੜਤਾਲ ਪਹਿਲਾਂ ਮਹਾਰਾਸ਼ਟਰ ਪੁਲੀਸ ਨੇ ਕੀਤੀ ਸੀ। ਦੱਸਣਾ ਬਣਦਾ ਹੈ ਕਿ ਮੈਡੀਕਲ ਦਾਖਲਾ ਪ੍ਰੀਖਿਆ 5 ਮਈ ਨੂੰ ਹੋਈ ਸੀ ਜਿਸ ਵਿਚ ਬੇਨੇਮੀਆਂ ਕਾਰਨ ਵਿਵਾਦ ਭਖ ਗਿਆ ਸੀ। ਇਸ ਤੋਂ ਬਾਅਦ ਕੇਂਦਰ ਨੇ ਏਜੰਸੀ ਨੂੰ ਮਾਮਲੇ ਦੀ ਜਾਂਚ ਕਰਨ ਲਈ ਕਿਹਾ ਸੀ।

## ਪਤੰਜਲੀ ਦੇ 14 ਪਦਾਰਥਾਂ ਦੀ ਵਿਕਰੀ ਤੇ ਲੱਗੀ ਰੋਕ




ਚੰਡੀਗੜ੍ਹ( ਵਿਨੋਦ ਸ਼ਰਮਾ) ਪਤੰਜਲੀ ਆਯੁਰਵੈਦ ਲਿਮਟਿਡ ਨੇ ਅੱਜ ਦੇਸ਼ ਦੀ ਸਰਵਉਚ ਅਦਾਲਤ ਨੂੰ ਦੱਸਿਆ ਕਿ ਉਸ ਨੇ ਉਤਰਾਖੰਡ ਸਟੇਟ ਲਾਇਸੈਂਸਿੰਗ ਅਥਾਰਟੀ ਵਲੋਂ ਅਪਰੈਲ ਵਿਚ 14 ਪਦਾਰਥਾਂ ਦੇ ਲਾਇਸੈਂਸ ਮੁਅੱਤਲ ਕਰਨ ਤੋਂ ਬਾਅਦ ਇਨ੍ਹਾਂ ਪਦਾਰਥਾਂ ਦੀ ਵਿਕਰੀ ਰੋਕ ਦਿੱਤੀ ਹੈ ਤੇ ਇਨ੍ਹਾਂ ਪਦਾਰਥਾਂ ਦੀ ਵਿਕਰੀ ਰੋਕਣ ਲਈ ਪਤੰਜਲੀ ਫਰੈਂਚਾਇਜ਼ੀ ਦੀਆਂ 5606 ਦੁਕਾਨਾਂ ਤੋਂ ਵੀ ਇਨ੍ਹਾਂ ਪਦਾਰਥਾਂ ਨੂੰ ਹਟਾ ਲਿਆ ਹੈ। ਇਸ ਤੋਂ ਇਲਾਵਾ ਮੀਡੀਆ ਅਦਾਰਿਆਂ ਨੂੰ ਵੀ ਇਨ੍ਹਾਂ 14 ਪਦਾਰਥਾਂ ਬਾਰੇ ਇਸ਼ਤਿਹਾਰ ਪ੍ਰਕਾਸ਼ਿਤ ਨਾ ਕਰਨ ਲਈ ਕਿਹਾ ਗਿਆ ਹੈ। ਸੁਪਰੀਮ ਕੋਰਟ ਦੇ ਬੈਂਚ ਨੇ ਪਤੰਜਲੀ ਨੂੰ ਕਿਹਾ ਕਿ ਇਸ ਸਬੰਧ ਵਿਚ ਹਲਫਨਾਮਾ ਦੋ ਹਫਤਿਆਂ ਵਿਚ ਦਾਇਰ ਕੀਤਾ ਜਾਵੇ।

## ਸੀ.ਐਮ. ਪੁਸ਼ਕਰ ਸਿੰਘ ਧਾਮੀ ਵਲੋਂ ਸ਼ਹੀਦ ਹੋਏ 5 ਸੈਨਿਕਾਂ ਦੀਆਂ ਮ੍ਰਿਤਕ ਦੇਹਾਂ ਨੂੰ ਦਿੱਤੀ ਸ਼ਰਧਾਂਜਲੀ



ਦੇਹਰਾਦੂਨ, (ਵਿਨੋਦ ਸ਼ਰਮਾ)ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਕਠੂਆ ਅੱਤਵਾਦੀ ਹਮਲੇ ਵਿਚ ਜਾਨ ਗਵਾਉਣ ਵਾਲੇ ਜੌਲੀ ਗ੍ਰਾਂਟ ਹਵਾਈ ਅੱਡੇ, ਦੇਹਰਾਦੂਨ ਵਿਖੇ ਉੱਤਰਾਖੰਡ ਦੇ ਪੰਜ ਸੈਨਿਕਾਂ ਦੀਆਂ ਮ੍ਰਿਤਕ ਦੇਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

## ਭਾਰਤੀ ਕ੍ਰਿਕਟ ਟੀਮ ਦੇ ਨਵੇਂ ਕੋਚ ਬਣੇ ਗੌਤਮ ਗੰਭੀਰ



ਦਿੱਲੀ, (ਲੋਕ ਬਾਣੀ)- ਸਾਬਕਾ ਕ੍ਰਿਕਟਰ ਗੌਤਮ ਗੰਭੀਰ ਨੂੰ ਭਾਰਤੀ ਕ੍ਰਿਕਟ ਟੀਮ ਦਾ ਨਵਾਂ ਮੁੱਖ ਕੋਚ ਨਿਯੁਕਤ ਕੀਤਾ ਗਿਆ ਹੈ। ਭਾਰਤੀ ਕ੍ਰਿਕਟ ਟੀਮ ਦੇ ਮੁੱਖ ਕੋਚ ਵਜੋਂ ਨਿਯੁਕਤ ਹੋਣ ਤੋਂ ਬਾਅਦ ਗੌਤਮ ਗੰਭੀਰ ਨੇ ਟਵੀਟ ਕੀਤਾ ਕਿ ਭਾਰਤ ਮੇਰੀ ਪਛਾਣ ਹੈ ਅਤੇ ਆਪਣੇ ਦੇਸ਼ ਦੀ ਸੇਵਾ ਕਰਨਾ ਮੇਰੇ ਜੀਵਨ ਦਾ ਸਭ ਤੋਂ ਵੱਡਾ ਸੁਭਾਗ ਹੈ। ਮੈਂ ਮਾਣ ਮਹਿਸੂਸ ਕਰ ਰਿਹਾ ਹਾਂ।

## ਆਪ ਸਰਕਾਰ ਦੇ ਦਾਅਵੇ ਖੋਖਲੇ ਛੋਟੇ ਬੱਚਿਆਂ ਦੇ ਸਕੂਲ ਚ ਬੱਤੀ ਗੁੱਲ




ਗੁਰਦਾਸਪੁਰ,( ਲੋਕ ਬਾਣੀ) ਪੰਜਾਬ ਦੇ ਲੋਕ ਆਪ ਦੀ ਸਰਕਾਰ ਨੂੰ ਵੋਟਾਂ ਪਾ ਕੇ ਆਪਣੇ ਆਪ ਠੱਗੀਆਂ ਮਹਿਸੂਸ ਕਰ ਰਹੇ ਹਨ ਤੇ ਸਰਕਾਰ ਦੇ ਮੁੱਖ ਮੰਤਰੀ ਦੇ ਸਾਰੇ ਦਾਅਵੇ ਖੋਖਲੇ ਨਜ਼ਰ ਆ ਰਹੇ ਹਨ ਪੂਰਾ ਮਾਮਲਾ ਜ਼ਿਲ੍ਹਾ ਗੁਰਦਾਸਪੁਰ ਦੇ ਬਲਾਕ ਕਲਾਨੌਰ ਅਧੀਨ ਪੈਂਦੇ ਪਿੰਡ ਪੰਨਵਾਂ 'ਚ ਸਥਿਤ ਆਂਗਣਵਾੜੀ ਕੇਂਦਰ ਦਾ ਹੈ ਜਿਥੇ ਪੜ੍ਹਨ ਆਉਣ ਵਾਲੇ ਬੱਚਿਆਂ ਨੂੰ ਕੜਾਕੇ ਦੀ ਗਰਮੀ ਦੌਰਾਨ ਬਿਨਾਂ ਪੱਖਿਆਂ ਤੋਂ ਬੈਠਣਾ ਪੈ ਰਿਹਾ ਹੈ। ਆਂਗਣਵਾੜੀ ਕੇਂਦਰ ਦੇ ਅਮਲੇ ਅਨੁਸਾਰ ਪਿਛਲੇ 5-6 ਮਹੀਨਿਆਂ ਤੋਂ ਆਂਗਣਵਾੜੀ ਕੇਂਦਰ 'ਚ ਬਿਜਲੀ ਨਹੀਂ ਆ ਰਹੀ, ਜਿਸ ਕਾਰਨ ਬੱਚਿਆਂ ਨੂੰ ਗਰਮੀ 'ਚ ਹੀ ਬੈਠਣਾ ਪੈ ਰਿਹਾ ਹੈ ਦੂਜੇ ਪਾਸੇ ਭਗਵੰਤ ਮਾਨ ਦੀ ਸਰਕਾਰ ਹਰ ਰੋਜ਼ ਨਵੇਂ ਨਵੇਂ ਐਲਾਨ ਕਰ ਰਹੀ ਹੈ

## ਜਲੰਧਰ ਚ ਵੋਟਾਂ ਤੋਂ ਪਹਿਲਾਂ ਫ਼ੜੀ ਗਈ ਸ਼ਰਾਬ ਉਮੀਦਵਾਰ ਨੇ ਕੀਤਾ ਹੰਗਾਮਾਂ



ਜਲੰਧਰ( ਵਿਸ਼ਾਲ ਸ਼ੈਲੀ)-ਪੰਜਾਬ ਦੇ ਜਲੰਧਰ ਸ਼ਹਿਰ ਚ ਇੰਨੀ ਦਿਨੀ ਸਰਕਾਰ ਤੇ ਪੂਰੇ ਮੰਤਰੀ ਸੰਤਰੀ ਸ਼ਹਿਰ ਵਿੱਚ ਡੇਰੇ ਲਾਏ ਬੈਠੇ ਹਨ ਤੇ ਵੋਟਾਂ ਤੋਂ ਐਨ ਪਹਿਲਾਂ ਜਲੰਧਰ ਪੱਛਮੀ ਹਲਕੇ ਵਿਚ ਸ਼ਰਾਬ ਫੜ੍ਹੀ ਜਾਣ ਤੋਂ ਬਾਅਦ ਭਾਜਪਾ ਨੇ ਹੰਗਾਮਾ ਕੀਤਾ। ਭਾਜਪਾ ਆਗੂ ਸ਼ੀਤਲ ਅੰਗੁਰਾਲ ਨੇ ਥਾਣਾ ਨੰਬਰ 5 ਵਿਚ ਪਹੁੰਚ ਕੇ ਕਿਹਾ ਕਿ ਫੜ੍ਹੀਆਂ ਗਈਆਂ ਗੱਡੀਆਂ ਭੇਜਣ ਵਾਲਿਆਂ ਉੱਤੇ ਕਾਰਵਾਈ ਜ਼ਰੂਰ ਹੋਵੇ। ਸ਼ੀਤਲ ਅੰਗੁਰਾਲ ਨੇ ਦੋਸ਼ ਲਗਾਇਆ ਕਿ ਆਪ ਲੋਕਾਂ ਨੂੰ ਸੂਟ ਵੰਡ ਰਹੀ ਹੈ, ਇਸ ਦੇ ਨਾਲ ਹੀ ਰਾਸ਼ਨ ਅਤੇ ਸ਼ਰਾਬ ਵੀ ਵੰਡ ਰਹੀ ਹੈ। ਜਦੋਂ ਤੱਕ ਕਾਰਵਾਈ ਨਹੀਂ ਹੁੰਦੀ, ਉਦੋਂ ਤੱਕ ਸ਼ੀਤਲ ਅੰਗੁਰਾਲ ਨੇ ਕਿਹਾ ਕਿ ਉਹ ਥਾਣੇ ਵਿਚ ਹੀ ਬੈਠੇ ਰਹਿਣਗੇ ਉਨ੍ਹਾਂ ਕਿਹਾ ਕਿ ਵਿਰੋਧੀਆਂ ਦੇ ਇਸ ਸ਼ਰਾਬ ਨੂੰ ਹਲਕੇ ਚ ਪਹੁਚਾਉਣ ਤੋਂ ਪਤਾ ਲੱਗਦਾ ਹੈ ਕੀ ਵੋਟਾਂ ਖ਼ਰੀਦਣ ਲਈ ਕੀ ਕੁਝ ਕੀਤਾ ਜਾਂ ਰਿਹਾ ਹੈ

## ਜਲੰਧਰ ਦੇ ਸਭ ਤੋਂ ਚਰਚਿਤ ਹਲਕੇ ਪੱਛਮੀ ਵਿਚ ਵੋਟਾਂ ਅੱਜ



ਜਲੰਧਰ, (ਲੋਕ ਬਾਣੀ ) ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਅੱਜ 10 ਜੁਲਾਈ ਨੂੰ ਹੋਣ ਜਾ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਨੇ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕਰ ਲਏ ਹਨ ਅਤੇ ਪੂਰੀ ਚੋਣ ਪ੍ਰਕਿਰਿਆ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਮੁਕੰਮਲ ਕੀਤੀ ਜਾਵੇਗੀ। ਰਿਟਰਨਿੰਗ ਅਧਿਕਾਰੀ ਨੇ ਦੱਸਿਆ ਕਿ ਚੋਣ ਹਲਕੇ ਦੇ ਕੁੱਲ 171963 ਵੋਟਰਾਂ ਵਿਚ 89629 ਮਰਦ, 82326 ਔਰਤ ਅਤੇ 8 ਥਰਡ ਜੈਂਡਰ ਵੋਟਰ ਸ਼ਾਮਲ ਹਨ। ਵੋਟਰਾਂ ਦੀ ਸਹੂਲਤ ਲਈ ਚੋਣ ਹਲਕੇ ਵਿਚ 181 ਪੋਲਿੰਗ ਕੇਂਦਰ ਬਣਾਏ ਗਏ ਹਨ। ਸਾਰੇ ਪੋਲਿੰਗ ਕੇਂਦਰਾਂ 'ਤੇ ਜ਼ਰੂਰੀ ਪੋਲਿੰਗ ਕਰਮਚਾਰੀਆਂ ਦੀ ਤਾਇਨਾਤੀ ਕੀਤੀ ਗਈ ਹੈ, ਜਿਨ੍ਹਾਂ ਨੂੰ ਵਿਸਤ੍ਰਿਤ ਸਿਖਲਾਈ ਦਿੱਤੀ ਗਈ ਹੈ। ਵਿਧਾਨ ਸਭਾ ਹਲਕੇ ਵਿਚ 874 ਪੀ. ਡੀ. ਐੱਲ. ਬੀ. ਯੂ. ਡੀ. ਵੋਟਰ ਹਨ, ਜਿਨ੍ਹਾਂ ਲਈ ਪੋਲਿੰਗ ਕੇਂਦਰਾਂ 'ਤੇ ਵ੍ਹੀਲਚੇਅਰ, ਰੈਂਪ ਸਮੇਤ ਲਿਆਉਣ ਅਤੇ ਲਿਜਾਣ ਦਾ ਜ਼ਰੂਰੀ ਪ੍ਰਬੰਧ ਕੀਤਾ ਗਿਆ ਹੈ । ਇਸ ਤੋਂ ਇਲਾਵਾ 85 ਅਤੇ ਇਸ ਤੋਂ ਵੱਧ ਉਮਰ ਦੇ 746, 18-19 ਸਾਲ ਦੇ 5010 ਅਤੇ 72 ਸਰਵਿਸ ਵੋਟਰ ਹਨ ਇਹ ਹੈ ਪੂਰਾ ਵੇਰਵਾ

# ਤਰਨਤਾਰਨ ਪੁਲਿਸ ਵੱਲੋ ਜਾਅਲੀ ਅਸਲਾ ਲਾਇਸੈਂਸ ਬਣਾਉਣ ਦਾ ਪਰਦਾਫਾਸ਼, 3 ਮੁਲਜ਼ਮ ਗ੍ਰਿਫ਼ਤਾਰ

ਤਰਨਤਾਰਨ: (ਲੋਕ ਬਾਣੀ) ਤਰਨਤਾਰਨ ਦੇ ਸੇਵਾ ਕੇਂਦਰ ਦੇ ਜ਼ਿਲ੍ਹਾ ਮੈਨੇਜਰ ਸੂਰਜ ਭੰਡਾਰੀ ਨੇ ਡੀਸੀ ਦਫ਼ਤਰ ਦੇ ਕੁਝ ਅਧਿਕਾਰੀਆਂ ਨਾਲ ਮਿਲ ਕੇ ਜਾਅਲੀ ਅਸਲਾ ਲਾਇਸੈਂਸ ਬਣਾਉਣ ਦਾ ਵੱਡਾ ਨੈੱਟਵਰਕ ਚਲਾਇਆ ਹੋਇਆ ਸੀ, ਜਿਸ ਨੂੰ ਤਰਨਤਾਰਨ ਪੁਲਿਸ ਨੇ ਇਸ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ।

ਪੁਲਿਸ ਨੇ ਸੇਵਾ ਕੇਂਦਰ ਦੇ ਜ਼ਿਲ੍ਹਾ ਮੈਨੇਜਰ ਸੂਰਜ ਦੇ ਤਿੰਨ ਸਾਥੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਟਿਕਾਣੇ ਤੋਂ 24 ਜਾਅਲੀ ਅਸਲਾ ਲਾਇਸੰਸ, ਮੋਬਾਈਲ ਅਸਲਾ ਲਾਇਸੰਸ ਦੀਆਂ ਤਿੰਨ ਖਾਲੀ ਕਾਪੀਆਂ ਅਤੇ ਸਰਕਾਰੀ ਸਟਿੱਕਰ ਬਰਾਮਦ ਕੀਤੇ ਹਨ।

ਇਸ ਨੈੱਟਵਰਕ ਦਾ ਮਾਸਟਰ ਮਾਈਂਡ ਸੂਰਜ ਭੰਡਾਰੀ ਆਪਣੇ ਸਾਥੀ ਰਾਘਵ ਨਾਲ ਫਰਾਰ ਦੱਸਿਆ ਜਾਂਦਾ ਹੈ। ਉਕਤ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਡੀਸੀ ਦਫ਼ਤਰ ਵਿੱਚ ਹੜਕੰਪ ਮੱਚ ਗਿਆ ਹੈ। ਕਈ ਛੁੱਟੀ ਤੇ ਚਲੇ ਗਏ ਹਨ।

ਐਸਐਸਪੀ ਅਸ਼ਵਨੀ ਕਪੂਰ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਨੂੰ ਇਸ ਨੈੱਟਵਰਕ ਦਾ ਪਰਦਾਫਾਸ਼ ਕਰਨ ਵਿੱਚ 2 ਮਹੀਨੇ ਲੱਗੇ। ਫੜੇ ਗਏ ਮੁਲਜ਼ਮਾਂ ਦੀ ਪਛਾਣ ਪਵਨਦੀਪ ਸਿੰਘ ਉਰਫ਼ ਮੰਤਰੀ ਵਾਸੀ ਪਿੰਡ ਮੱਲੀਆਂ, ਸ਼ਮਸ਼ੇਰ ਸਿੰਘ ਵਾਸੀ ਝੰਡੇਰ ਅਤੇ ਗੁਰਮੀਤ ਸਿੰਘ ਵਾਸੀ ਫਲੋਕਾਂ ਵਜੋਂ ਹੋਈ ਹੈ, ਜਦੋਂ ਕਿ ਇਸ ਨੈੱਟਵਰਕ ਦਾ ਮਾਸਟਰ ਮਾਈਂਡ ਅਤੇ ਸੇਵਾ ਕੇਂਦਰ ਦੇ ਜ਼ਿਲ੍ਹਾ ਮੈਨੇਜਰ ਸੂਰਜ ਭੰਡਾਰੀ,



ਵਾਸੀ ਪਿੰਡ ਕੀੜੀ ਸ਼ਾਹ ਅਤੇ ਰਾਘਵ ਕਪੂਰ ਵਾਸੀ ਜਸਪਾਲ ਨਗਰ, ਅੰਮ੍ਰਿਤਸਰ ਫਰਾਰ ਹਨ। ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ, ਜਲਦੀ ਹੀ ਉਹ ਵੀ ਪੁਲਿਸ ਦੀ ਹਿਰਾਸਤ ਚ ਹੋਣਗੇ।




# ਜਲੰਧਰ ਚ ਬਾਲਮੀਕੀ ਟਾਇਗਰ ਫੋਰਸ ਆਲ ਇੰਡੀਆ ਵਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ

ਜਲੰਧਰ, (ਲੋਕ ਬਾਣੀ )ਦੁਨੀਆ ਭਰ ਦੇ ਬਾਲਮੀਕੀ ਭਾਈਚਾਰੇ ਦੇ ਭਲੇ ਲਈ ਬਣਾਈ ਗਈ ਸੰਸਥਾ ਬਾਲਮੀਕੀ ਟਾਇਗਰ ਫੋਰਸ ਆਲ ਇੰਡੀਆ ਵਲੋਂ ਜਲੰਧਰ ਚ ਪ੍ਰੈਸ ਕਾਨਫਰੰਸ ਕੀਤੀ ਗਈ ਜਿਸ ਵਿੱਚ ਸੰਸਥਾ ਦੇ ਪ੍ਰਧਾਨ ਅਜੇ ਖੋਸਲਾ ਨੇ ਸ਼ਹਿਰ ਦੇ ਕੋਸਲਰ ਪਤੀ,ਤੇ ਧੀਰਜ ਕੁਮਾਰ ਨਾਮਕ ਵਿਅਕਤੀ ਵਲੋਂ ਆਪਣੇ ਫਾਇਦੇ ਲਈ ਜਾਤੀ ਸੂਚਕ ਸ਼ਬਦ ਦੇ ਝੂਠੇ ਮੁੱਕਦਮੇ ਵਿੱਚ ਫਸਾ ਕੇ ਪੂਰੇ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੈ ਤੇ ਆਪਣੀ ਨਰਾਜ਼ਗੀ ਜਤਾਈ ਤੇ ਦਸਿਆ ਕੀ ਪੂਰੇ ਮਾਮਲੇ ਦੀ ਗਹਿਰੀ ਛਾਣਬੀਣ ਕੀਤੀ ਗਈ ਤਾਂ ਪਤਾ ਲੱਗਾ ਹੈ ਕੀ ਕੋਸਲਰ ਪਤੀ ਦੇ ਸਹਿਯੋਗ ਨਾਲ ਇਸ ਵਿਅਕਤੀ ਵਲੋਂ ਜਾਲੀ ਐਸ.ਸੀ ਸਰਟੀਫਿਕੇਟ ਬਣਾ ਕੇ ਲੋਕਾਂ ਨੂੰ ਡਰਾਇਆਜਾ ਰਿਹਾ ਹੈ ਜਿਸ ਤੇ ਐਕਸ਼ਨ ਲੈਂਦਿਆਂ ਪ੍ਰਧਾਨ ਨੇ ਕਿਹਾ ਅਸੀਂ ਭਵਿੱਖ ਵਿੱਚ ਇਸ ਤਰ੍ਹਾਂ ਦੇ ਲੋਕਾਂ ਨੂੰ ਕਦੇ ਬਰਦਾਸ਼ਤ ਨਹੀਂ ਕਰਾਂਗੇ ਜ਼ੋ ਸਾਡੇ ਸਮਾਜ ਦਾ ਆਸਰਾ ਲੈ ਗ਼ਲਤ ਕੰਮ ਕਰ ਰਹੇ ਹਨ ਤੇ ਚੇਤਾਵਨੀ ਦਿੱਤੀ ਕਿ ਜਲਦ ਇਸ ਖਿਲਾਫ ਮਾਮਲਾ ਦਰਜ ਕਰਵਾਇਆ ਜਾਵੇਗਾ ਤਾਂ ਜ਼ੋ ਇਹੋ ਜਿਹੇ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਈ ਜਾ ਸਕੇ ਇਸ ਮੌਕੇ ਸੰਸਥਾ ਦੇ ਉਪ ਪ੍ਰਧਾਨ ਵਿਕੀ ਕੁਮਾਰ ਤੇ ਹੋਰ ਅਹੁਦੇਦਾਰ ਆਦਿ ਹਾਜ਼ਰ ਸਨ

# ਸੁਖਬੀਰ ਸਿੰਘ ਬਾਦਲ ਨੇ ਸ੍ਰੀ ਗੰਗਾਨਗਰ ਆਧਾਰਿਤ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਖਿਲਾਫ ਰਾਸ਼ਟਰ ਵਿਰੋਧੀ ਅਨਸਰਾਂ ਨੂੰ ਉਤਸ਼ਾਹਿਤ ਕਰਨ ਦਾ ਪਰਚਾ ਦਰਜ ਕਰਨ ਦੀ ਕੀਤੀ ਨਿਖੇਧੀ

ਚੰਡੀਗੜ੍ਹ,(ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਸ੍ਰੀ ਗੰਗਾਨਗਰ ਦੇ ਬਾਬਾ ਦੀਪ ਸਿੰਘ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਤੇਜਿੰਦਰਪਾਲ ਸਿੰਘ ਟਿੰਮਾ ਦੇਸ਼ ਵਿਰੋਧੀ ਅਨਸਰਾਂ ਨੂੰ ਉਤਸ਼ਾਹਿਤ ਕਰਨ ਦਾ ਕੇਸ ਦਰਜ ਕਰਨ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਉਹਨਾਂ ਨੇ ਤਾਂ ਸਿਰਫ ਸਿੱਖ ਕੌਮ ਖਿਲਾਫ ਫਿਰਕੂ ਨਫਰਤ ਵਾਲੀਆਂ ਟਿੱਪਣੀਆਂ ਤੋਂ ਲੋਕਾਂ ਨੂੰ ਸੁਚੇਤ ਕੀਤਾ ਸੀ।

ਜਥੇਦਾਰ ਟਿੰਮਾ ਖਿਲਾਫ ਦਰਜ ਇਸ ਝੂਠੇ ਤੇ ਬੇਬੁਨਿਆਦੀ ਕੇਸ ਨੂੰ ਤੁਰੰਤ ਵਾਪਸ ਲਏ ਜਾਣ ਦੀ ਮੰਗ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਜਿਹੜਾ ਵੀ ਕੋਈ ਸ਼ਾਂਤਮਈ ਤੇ ਦੇਸ਼ ਭਗਤ ਸਿੱਖ ਕੌਮ ਦੀਆਂ ਧਾਰਮਿਕ ਧਾਰਨਾਵਾਂ ਤੇ ਭਾਵਨਾਵਾਂ ਨੂੰ ਸੱਟ ਮਾਰਨ ਵਲ ਸੇਧਤ ਬਿਆਨਾਂ ਨੂੰ ਉਜਾਗਰ ਕਰੇ ਅਤੇ ਫਿਰਕੂ ਹਿੰਸਾ ਭੜਕਾਉਣ ਨੂੰ ਬੰਦ ਕਰਨ ਦੀ ਗੱਲ ਕਰੇ, ਉਸਦੇ ਖਿਲਾਫ ਕੇਸ ਦਰਜ ਕਰਨਾ ਹੀ ਨਹੀਂ ਬਣਦਾ।

ਸੁਖਬੀਰ ਸਿੰਘ ਬਾਦਲ ਨੈ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾ ਨੂੰ ਅਪੀਲ ਕੀਤੀ ਕਿ ਕੇਸ ਵਾਪਸ ਲੈਣ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ। ਉਹਨਾਂ ਕਿਹਾ ਕਿ ਜਥੇਦਾਰ ਟਿੰਮਾ ਨੇ ਸਪਸ਼ਟ ਤੌਰ ’ਤੇ ਕਿਹਾ ਹੈ ਕਿ ਉਹ ਫਿਰਕੂ ਨਫਰਤ ਤੇ ਹਿੰਸਾ ਦੀ ਕਿਸੇ ਵੀ ਕਾਰਵਾਈ ਦੇ ਖਿਲਾਫ ਹਨ। ਇਸ ਲਈ ਹਰ ਵੇਲੇ ਬੇਹੱਦ ਭੜਕਾਊ ਬਿਆਨ ਦਿੰਦੇ ਰਹਿਣ ਅਤੇ ਸਾਡੇ ਦੇਸ਼ ਵਾਸੀਆਂ ਖਿਲਾਫ ਫਿਰਕੂ ਗਾਲ੍ਹਾਂ ਵਾਲੇ ਅਨਸਰਾਂ ਖਿਲਾਫ ਕਾਰਵਾਈ ਕਰਨ ਦੀ ਥਾਂ ਅਧਿਕਾਰੀਆਂ ਨੇ ਸਿੱਖ ਕੌਮ ਦੇ ਮੈਂਬਰ ਨੂੰ ਹੀ ਨਿਸ਼ਾਨਾ ਬਣਾਉਂਦਿਆਂ ਕੇਸ ਦਰਜ ਕਰ ਦਿੱਤਾ ਹੈ।



ਬਾਦਲ ਨੇ ਸਪਸ਼ਟ ਕੀਤਾ ਕਿ ਜਥੇਦਾਰ ਟਿੰਮਾ ਦੇ ਬਿਆਨ ਵਿਚ ਇਕ ਵੀ ਸ਼ਬਦ ਅਜਿਹਾ ਨਹੀਂ ਜੋ ਕਿਸੇ ਵੀ ਤਰੀਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਦੇ ਖਿਲਾਫ ਹੋਵੇ ਅਤੇ ਉਹਨਾਂ ਨੇ ਫਿਰਕੂ ਹਿੰਸਾ ਭੜਕਾਉਣ ਦੇ ਯਤਨ ਕਰਨ ਵਾਲਿਆਂ ਤੇ ਲੋਕਾਂ ਨੂੰ ਫਿਰਕੂ ਲੀਹਾਂ ’ਤੇ ਵੰਡਣ ਵਾਲਿਆਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਉਚ ਅਹੁਦਿਆਂ ’ਤੇ ਬੈਠੀਆਂ ਅਹਿਮ ਸ਼ਖਸੀਅਤਾਂ ਵੱਲੋਂ ਦਿੱਤੇ ਬਿਆਨਾਂ ਦੇ ਕਾਰਣ ਇਹ ਮਾੜੇ ਅਨਸਰ ਦੇਸ਼ ਭਗਤ ਸਿੱਖ ਕੌਮ ਦੇ ਖਿਲਾਫ ਜ਼ਹਿਰ ਉਗਲਣ ਲੱਗ ਪਏ ਹਨ। ਉਹਨਾਂ ਕਿਹਾ ਕਿ ਰਾਜਸਥਾਨ ਸਰਕਾਰ ਨੂੰ ਇਸ ਫਿਰਕੂ ਧਰੁਵੀਕਰਨ ਨੂੰ ਰੋਕਣਾ ਚਾਹੀਦਾ ਹੈ ਨਾ ਕਿ ਇਸਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।

# ਆਮ ਆਦਮੀ ਪਾਰਟੀ ਦੀ ਜ਼ਮੀਨ ਤਿਆਰ ਕਰਨ ਵਾਲੇ ਸੀਨੀਅਰ ਲੀਡਰ ਦਾ ਦੇਹਾਂਤ

ਚੰਡੀਗੜ੍ਹ (ਲੋਕ ਬਾਣੀ) ਚੰਡੀਗੜ੍ਹ ਦੇ ਸਾਬਕਾ ਮੇਅਰ ਅਤੇ ਪੰਜਾਬ ਦੇ ਵੱਡੇ ਉਦਯੋਗਿਕ ਵਿਕਾਸ ਬੋਰਡ ਦੇ ਚੇਅਰਮੈਨ ਪ੍ਰਦੀਪ ਛਾਬੜਾ ਦਾ ਅੱਜ ਪੀਜੀਆਈ ਵਿੱਚ ਦੇਹਾਂਤ ਹੋ ਗਿਆ। ਉਹ ਚੰਡੀਗੜ੍ਹ ਦੇ ਸਭ ਤੋਂ ਸੀਨੀਅਰ ਆਗੂਆਂ ਵਿੱਚੋਂ ਇੱਕ ਮੰਨੇ ਜਾਂਦੇ ਸਨ।

ਪ੍ਰਦੀਪ ਛਾਬੜਾ ਲੰਬੇ ਸਮੇਂ ਤੋਂ ਬਿਮਾਰ ਸਨ। ਪ੍ਰਦੀਪ ਛਾਬੜਾ ਦੇ ਰਿਸ਼ਤੇਦਾਰ ਅਤੇ ਸਿਆਸੀ ਪਾਰਟੀਆਂ ਦੇ ਲੋਕ ਉਨ੍ਹਾਂ ਤੱਕ ਪਹੁੰਚ ਕਰ ਰਹੇ ਹਨ। ਛਾਬੜਾ ਦੀਆਂ ਦੋ ਧੀਆਂ ਹਨ। ਛਾਬੜਾ 1990 ਤੋਂ ਚੰਡੀਗੜ੍ਹ ਦੀ ਸਿਆਸਤ ਵਿੱਚ ਸਰਗਰਮ ਸਨ। ਪ੍ਰਦੀਪ ਛਾਬੜਾ ਦੋ ਵਾਰ ਕੌਂਸਲਰ ਵੀ ਰਹਿ ਚੁੱਕੇ ਹਨ। ਉਨ੍ਹਾਂ ਨੇ ਆਪਣਾ ਸਿਆਸੀ ਸਫ਼ਰ ਕਾਂਗਰਸ ਤੋਂ ਸ਼ੁਰੂ ਕੀਤਾ ਸੀ ਅਤੇ ਇਸ ਸਮੇਂ ਉਹ ਆਮ ਆਦਮੀ ਪਾਰਟੀ ਦੇ ਆਗੂ ਸਨ।

ਛਾਬੜਾ ਸਾਬਕਾ ਕੇਂਦਰੀ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਪਵਨ ਬਾਂਸਲ ਦੇ ਬਹੁਤ ਕਰੀਬੀ ਰਹੇ ਹਨ। ਛਾਬੜਾ ਚੰਡੀਗੜ੍ਹ ਆਮ ਆਦਮੀ ਪਾਰਟੀ ਦੇ ਸਹਿ-ਇੰਚਾਰਜ ਵੀ ਰਹਿ ਚੁੱਕੇ ਹਨ।

ਉਨ੍ਹਾਂ ਦੇ ਦੇਹਾਂਤ ‘ਤੇ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਆਗੂਆਂ ਦਾ ਕਹਿਣਾ ਹੈ ਕਿ ਪ੍ਰਦੀਪ ਛਾਬੜਾ ਦੇ ਇਸ ਦੁਨੀਆਂ ਤੋਂ ਚਲੇ ਜਾਣ ਨਾਲ ਚੰਡੀਗੜ੍ਹ ਦੀ ਸਿਆਸਤ ਨੂੰ ਵੱਡਾ ਝਟਕਾ ਲੱਗਾ ਹੈ।

# ਬਠਿੰਡਾ ਪੁਲਿਸ ਦੀ ਨਸ਼ਾ ਤਸਕਰ ਖਿਲਾਫ ਵੱਡੀ ਕਾਰਵਾਈ, ਮੁਲਜ਼ਮਾਂ ਦੇ 7 ਬੈਂਕ ਖਾਤੇ ਸੀਲ

ਬਠਿੰਡਾ: (ਲੋਕ ਬਾਣੀ) ਬਠਿੰਡਾ ਪੁਲਿਸ ਨੇ ਨਸ਼ਾ ਵੇਚ ਕੇ ਕਰੋੜਾਂ ਦੀ ਜਾਇਦਾਦ ਇਕੱਠੀ ਕਰਨ ਅਤੇ ਬੈਂਕ ਖਾਤਿਆਂ ਵਿੱਚ ਲੱਖਾਂ ਰੁਪਏ ਜਮ੍ਹਾ ਕਰਵਾਉਣ ਵਾਲੇ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕੀਤੀ ਹੈ। ਪੁਲਿਸ ਨੇ ਇੱਕ ਨਸ਼ਾ ਤਸਕਰ ਦੇ 7 ਬੈਂਕ ਖਾਤਿਆਂ ਨੂੰ ਸੀਲ ਕਰ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮਾਂ ਦੀਆਂ ਹੋਰ ਰਾਜਾਂ ਵਿੱਚ ਵੀ ਜਾਇਦਾਦਾਂ ਹਨ। ਜਿਸ ਦੀ ਪੁਲਿਸ ਜਾਂਚ ਕਰ ਰਹੀ ਹੈ।

ਡੀਐਸਪੀ ਤਲਵੰਡੀ ਸਾਬੋ ਨੇ ਦੱਸਿਆ ਕਿ ਬੀਤੇ ਦਿਨ ਇੱਕ ਨਸ਼ਾ ਤਸਕਰ ਤਰਸੇਮ ਚੰਦ ਵਾਸੀ ਮੋੜ ਮੰਡੀ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਸੀ। ਤਰਸੇਮ ਚੰਦ ਕੋਲੋਂ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ। ਹੁਣ ਇਸ ਤੇ ਕਾਰਵਾਈ ਕਰਦੇ ਹੋਏ ਨਸ਼ਾ ਤਸਕਰ ਤਰਸੇਮ ਚੰਦ ਦੇ 7 ਬੈਂਕ ਖਾਤਿਆਂ ਨੂੰ ਸੀਲ ਕਰ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰ ਦੇ ਇਨ੍ਹਾਂ ਖਾਤਿਆਂ ਵਿੱਚ 1 ਕਰੋੜ 7 ਲੱਖ 6 ਹਜ਼ਾਰ ਰੁਪਏ ਸਨ। ਜਿਸ ਨੂੰ ਤਰਸੇਮ ਚੰਦ ਨਸ਼ਾ ਵੇਚ ਕੇ ਕਮਾਉਂਦਾ ਸੀ। ਉਨ੍ਹਾਂ ਕਿਹਾ ਕਿ ਤਰਸੇਮ ਚੰਦ ਨੇ ਪੰਜਾਬ ਦੇ ਨਾਲ-ਨਾਲ



ਹਰਿਆਣਾ ਵਿੱਚ ਵੀ ਕਈ ਥਾਵਾਂ ’ਤੇ ਆਪਣੀ ਜਾਇਦਾਦ ਬਣਾਈ ਹੋਈ ਹੈ। ਜਿਸ ਦੀ ਜਾਂਚ ਕੀਤੀ ਜਾ ਰਹੀ ਹੈ। ਤਰਸੇਮ ਚੰਦ ਖ਼ਿਲਾਫ਼ ਪਹਿਲਾਂ ਵੀ ਦਰਜਨ ਦੇ ਕਰੀਬ ਕੇਸ ਦਰਜ ਹਨ।

# 2,70,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ) ਪੰਜਾਬ ਵਿਜੀਲੈਂਸ ਬਿਊਰੋ ਨੇ ਪੁਲਿਸ ਥਾਣਾ ਡਿਵੀਜ਼ਨ ਨੰ. 5 ਲੁਧਿਆਣਾ ਸਿਟੀ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਚਰਨਜੀਤ ਸਿੰਘ ਨੂੰ 2,70,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਏ.ਐਸ.ਆਈ. ਨੇ ਉਸਦੇ ਖਿਲਾਫ਼ ਭ੍ਰਿਸ਼ਟਾਚਾਰ ਦਾ ਕੇਸ ਦਰਜ ਹੋਣ ਤੋਂ ਬਾਅਦ ਬਿਊਰੋ ਅੱਗੇ ਆਤਮ ਸਮਰਪਣ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਲੁਧਿਆਣਾ ਦੇ ਬੱਸ ਸਟੈਂਡ ਨੇੜੇ ਜਵਾਹਰ ਨਗਰ ਕੈਂਪ ਸਥਿਤ ਹੋਟਲ ਤਾਜ ਦੇ ਮਾਲਕ ਕਮਲਜੀਤ ਆਹੂਜਾ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਉਕਤ ਪੁਲਿਸ ਮੁਲਾਜ਼ਮ ਖ਼ਿਲਾਫ਼ ਪਹਿਲਾਂ ਹੀ ਕੇਸ ਦਰਜ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ. ਉਸਦੇ ਪਰਿਵਾਰਕ ਮੈਂਬਰਾਂ ਵਿਰੁੱਧ ਡਵੀਜ਼ਨ ਨੰਬਰ 5 ਥਾਣੇ ਵਿੱਚ ਦਰਜ ਇੱਕ ਕੇਸ ਵਿੱਚ ਆਈ.ਪੀ.ਸੀ. ਦੀ ਧਾਰਾ 307, 379-ਬੀ ਜੋੜਨ ਦੀਆਂ ਧਮਕੀਆਂ ਦੇ ਕੇ ਉਸ ਤੋਂ ਪਹਿਲਾਂ ਹੀ 2,70,000 ਰੁਪਏ ਰਿਸ਼ਵਤ ਵਜੋਂ ਵਸੂਲ ਚੁੱਕਿਆ ਹੈ ਅਤੇ ਹੁਣ ਹੋਰ ਰਿਸ਼ਵਤ ਮੰਗ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਸ਼ਿਕਾਇਤਕਰਤਾ ਵੱਲੋਂ ਲਾਏ ਗਏ ਦੋਸ਼ ਸਹੀ ਪਾਏ ਗਏ, ਜਿਸ ਸਬੰਧੀ ਸ਼ਿਕਾਇਤਕਰਤਾ ਨੇ ਸਬੂਤ ਵਜੋਂ ਏ.ਐਸ.ਆਈ. ਚਰਨਜੀਤ ਸਿੰਘ ਅਤੇ ਉਸ (ਸ਼ਿਕਾਇਤਕਰਤਾ) ਦਰਮਿਆਨ ਹੋਈ ਗੱਲਬਾਤ ਦੀ ਰਿਕਾਰਡਿੰਗ ਵੀ ਪੇਸ਼ ਕੀਤੀ ਹੈ। ਮੁੱਢਲੀ ਜਾਂਚ ਦੌਰਾਨ ਇਹ ਗੱਲ ਸਾਬਤ ਹੋਈ ਕਿ ਏ.ਐਸ.ਆਈ. ਚਰਨਜੀਤ ਸਿੰਘ ਵੱਲੋਂ ਇਸ ਥਾਣੇ ਦੇ ਐਸ.ਐਚ.ਓ. ਦੇ ਨਾਂ ਤੇ 2,70,000 ਰੁਪਏ ਦੀ ਰਿਸ਼ਵਤ ਲਈ ਗਈ ਸੀ ਅਤੇ ਉਹ ਸ਼ਿਕਾਇਤਕਰਤਾ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਉਸਦਾ ਹੋਟਲ ਚਲਾਉਣ ਬਦਲੇ 2 ਲੱਖ ਰੁਪਏ ਪ੍ਰਤੀ ਮਹੀਨਾ ਰਿਸ਼ਵਤ ਦੇਣ ਲਈ ਵੀ ਕਹਿ ਰਿਹਾ ਸੀ।



ਉਨ੍ਹਾਂ ਦੱਸਿਆ ਕਿ ਇਸ ਜਾਂਚ ਰਿਪੋਰਟ ਦੇ ਆਧਾਰ ਤੇ ਉਕਤ ਏ.ਐਸ.ਆਈ. ਚਰਨਜੀਤ ਸਿੰਘ ਖਿਲਾਫ਼ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਪਹਿਲਾਂ ਹੀ ਕੇਸ ਦਰਜ ਹੈ। ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਇਸ ਕੇਸ ਵਿੱਚ ਉਕਤ ਐਸ.ਐਚ.ਓ. ਅਤੇ ਹੋਰ ਮੁਲਾਜ਼ਮਾਂ ਦੀ ਭੂਮਿਕਾ ਦੀ ਜਾਂਚ ਕੀਤੀ ਜਾਵੇਗੀ।


# ਲੁਧਿਆਣਾ ਚ ਕਿਸਾਨਾਂ ਨੇ ਡੀਸੀ ਨਾਲ ਮੀਟਿੰਗ, ਲਾਡੋਵਾਲ ਟੋਲ ਪਲਾਜ਼ਾ ਦੀਆਂ ਗਿਣਾਈਆ ਕਮੀਆਂ

ਲੁਧਿਆਣਾ: (ਲੋਕ ਬਾਣੀ) ਪੰਜਾਬ ਦਾ ਸਭ ਤੋਂ ਮਹਿੰਗਾ ਲਾਡੋਵਾਲ ਟੋਲ ਪਲਾਜ਼ਾ ਕਿਸਾਨਾਂ ਨੇ ਬੰਦ ਕਰ ਦਿੱਤਾ ਹੈ। ਕਿਸਾਨਾਂ ਨੇ ਟੋਲ ਪਲਾਜ਼ਾ ਤੋਂ ਧਰਨਾ ਤਾਂ ਦੂਰ ਕਰ ਦਿੱਤਾ ਹੈ ਪਰ ਟੋਲ ਪਲਾਜ਼ਾ ਦੇ ਕੈਬਿਨਾਂ ਨੂੰ ਤਾਲੇ ਲਗਾ ਕੇ ਪੱਲੀਆ ਨਾਲ ਬੰਦ ਕਰ ਦਿੱਤਾ ਹੈ। ਕਿਸਾਨਾਂ ਨੇ ਟੋਲ ਪਲਾਜ਼ਾ ਤੇ ਆਪਣੇ ਝੰਡੇ ਲਹਿਰਾਏ ਹਨ। ਫਿਲਹਾਲ ਟੋਲ ਪਲਾਜ਼ਾ ਫਰੀ ਹੈ।

ਅੱਜ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ। ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਿਲਬਾਗ ਸਿੰਘ ਨੇ ਦੱਸਿਆ ਕਿ ਲਾਡੋਵਾਲ ਟੋਲ ਪਲਾਜ਼ਾ ਨੂੰ ਬੰਦ ਕਰਨ ਦੇ ਮਾਮਲੇ ਤੇ ਭਲਕੇ ਹਾਈਕੋਰਟ ਚ ਸੁਣਵਾਈ ਹੈ । ਕੱਲ੍ਹ ਉਹ ਆਪਣੇ ਵਕੀਲ ਨੂੰ ਹਾਈ ਕੋਰਟ ਵਿੱਚ ਭੇਜੇਗਾ। ਦਿਲਬਾਗ ਸਿੰਘ ਨੇ ਦੱਸਿਆ ਕਿ ਅੱਜ ਉਨ੍ਹਾਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨਾਲ ਗੱਲਬਾਤ ਕੀਤੀ।ਉਨ੍ਹਾਂ ਨੇ ਟੋਲ ਪਲਾਜ਼ਾ ਦੀਆਂ ਕਮੀਆਂ ਨੂੰ ਗਿਣਾਈਆ। ਟੋਲ ਪਲਾਜ਼ਿਆਂ ਤੇ ਲਗਾਤਾਰ ਵੱਧ ਰਹੀਆਂ ਕੀਮਤਾਂ ਤੋਂ ਲੋਕ ਪ੍ਰੇਸ਼ਾਨ ਹਨ। ਲੋਕਾਂ ਨੂੰ ਸ਼ਰੇਆਮ ਲੁੱਟਿਆ ਜਾ ਰਿਹਾ ਹੈ। ਨੈਸ਼ਨਲ ਹਾਈਵੇਅ ਅਥਾਰਟੀ ਲਗਾਤਾਰ ਲਾਪਰਵਾਹੀ ਦਿਖਾ ਰਹੀ ਹੈ। ਲਾਡੋਵਾਲ ਟੋਲ ਪਲਾਜ਼ਾ ਅਧੀਨ ਪੈਂਦੇ ਇਲਾਕਿਆਂ ਦੀਆਂ ਲਾਈਟਾਂ ਵੀ ਪ੍ਰਾਈਵੇਟ ਕੰਪਨੀਆਂ ਨੇ ਆਪਣੇ ਕਬਜ਼ੇ ਵਿੱਚ ਲੈ ਲਈਆਂ ਹਨ।



# ਮਸਤ ਬਾਬਾ ਜਗਤ ਰਾਮ ਜੀ ਦੀ 83ਵੀਂ ਬਰਸੀ ਮੌਕੇ ਸਲਾਨਾ ਭੰਡਾਰਾ 12 ਜੁਲਾਈ ਨੂੰ.




ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਮਸਤ ਬਾਬਾ ਜਗਤ ਰਾਮ ਜੀ ਦੀ 83ਵੀਂ ਬਰਸੀ ਤੇ ਸਲਾਨਾ ਭੰਡਾਰਾ 12 ਜੁਲਾਈ ਨੂੰ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਅਤੇ ਸੇਵਾਦਾਰਾਂ ਨੇ ਦੱਸਿਆ ਕਿ ਮਸਤ ਬਾਬਾ ਜਗਤ ਰਾਮ ਜੀ ਦੀ 83ਵੀਂ ਬਰਸੀ ਦੇ ਸਬੰਧ ਵਿੱਚ ਸਮਾਧ ਮਸਤ ਬਾਬਾ ਜਗਤ ਰਾਮ ਜੀ ਮੁਹੱਲਾ ਬੜੀ ਸਰਕਾਰ ਸ੍ਰੀ ਆਨੰਦਪੁਰ ਸਾਹਿਬ ਵਿਖੇ 11 ਜੁਲਾਈ ਨੂੰ ਸ੍ਰੀ ਰਾਮਾਇਣ ਦੇ ਪਾਠ ਆਰੰਭੇ ਜਾਣਗੇ ਅਤੇ 12 ਜੁਲਾਈ ਨੂੰ ਭੋਗ ਪਾਏ ਜਾਣਗੇ ਜਿਸ ਉਪਰੰਤ ਕੀਰਤਨ ਅਤੇ ਸਲਾਨਾ ਭੰਡਾਰਾ ਕੀਤਾ ਜਾਵੇਗਾ। ਪ੍ਰਬੰਧਕਾਂ ਅਤੇ ਸੇਵਾਦਾਰਾਂ ਨੇ ਇਲਾਕਾ ਵਾਸੀਆਂ ਨੂੰ ਬੇਨਤੀ ਕੀਤੀ ਕਿ ਮਸਤ ਬਾਬਾ ਜਗਤ ਰਾਮ ਜੀ ਦੀ 83ਵੀਂ ਬਰਸੀ ਮੌਕੇ ਵੱਡੀ ਗਿਣਤੀ ਵਿੱਚ ਹਾਜਰੀ ਭਰਨ।

# ਸਾਬਕਾ ਸੈਨਿਕਾਂ ਵੱਲੋਂ ਵਨ ਰੈਂਕ ਵਨ ਪੈਨਸ਼ਨ 3 ਲਾਗੂ ਕਰਨ ਤੇ 18 ਮਹੀਨੇ ਦਾ ਰੋਕਿਆ ਭੱਤਾ ਦੇਣ ਦੀ ਅਪੀਲ

## ਸਰਕਾਰੇ ਦਰਬਾਰੇ ਸੈਨਿਕਾਂ ਦੇ ਮਾਨ-ਸਨਮਾਨ ਨੂੰ ਬਰਕਰਾਰ ਰੱਖਿਆ ਜਾਵੇ : ਹਰਜੀਤ ਸਿੰਘ




ਸ਼ੇਰਪੁਰ, ( ਸੱਤਪਾਲ ਸਿੰਘ ਕਾਲਾਬੂਲਾ) - ਭਾਰਤੀਆ ਸਾਬਕਾ ਸੈਨਿਕ ਲੀਗ (ਪੰ.ਅਤੇ ਚੰਡੀ.) ਬਲਾਕ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਸੂਬੇਦਾਰ ਮੇਜਰ ਹਰਜੀਤ ਸਿੰਘ ( ਰਿਟਾ.) ਲੀਗ ਪ੍ਰਧਾਨ ਦੀ ਅਗਵਾਈ ਹੇਠ ਹੋਈ । ਸਾਬਕਾ ਸੈਨਿਕਾਂ ਵੱਲੋਂ ਸ਼ਹੀਦ ਸੈਨਿਕਾਂ ਨੂੰ ਸ਼ਰਧਾਂਜਲੀ ਉਪਰੰਤ ਮਹੀਨੇ ਭਰ ਦੀਆਂ ਸੈਨਿਕ ਗਤੀਵਿਧੀਆਂ ਬਾਰੇ ਚਰਚਾ ਕੀਤੀ ਗਈ।ਸੈਨਿਕ ਆਗੂ ਹਰਜੀਤ ਸਿੰਘ ਨੇ ਕਿਹਾ ਕੇਂਦਰ ਸਰਕਾਰ ਵਨ ਰੈਂਕ ਵਨ ਪੈਨਸ਼ਨ -3 ਨੂੰ 1 ਜੁਲਾਈ 2024 ਤੋਂ ਲਾਗੂ ਕਰੇ , 8ਵੇਂ ਪੇਅ-ਕਮਿਸ਼ਨ ਲਈ ਕਮੇਟੀ ਦਾ ਗਠਨ ਕੀਤਾ ਜਾਵੇ ਅਤੇ ਕਰੋਨਾ ਕਾਲ ਸਮੇਂ ਰੋਕਿਆ 18 ਮਹੀਨਿਆਂ ਦਾ ਡੀ ਏ ( ਮਹਿੰਗਾਈ ਭੱਤਾ ) ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਦੇਸ਼ ਦੇ ਹਰ ਸੂਬੇ ਅੰਦਰ ਸੈਨਿਕ ਪਰਿਵਾਰਾਂ ਨੂੰ ਆਉਂਦੀਆਂ ਦਿੱਕਤਾਂ ਨੂੰ ਤੁਰੰਤ ਹੱਲ ਕਰਨ ਲਈ ਮਾਣਯੋਗ ਡਿਪਟੀ ਕਮਿਸ਼ਨਰਾਂ ਨੂੰ ਨੋਟੀਫਿਕੇਸ਼ਨ ਭੇਜੇ ਜਾਣ ਅਤੇ ਸਰਕਾਰੇ ਦਰਬਾਰੇ ਸੈਨਿਕਾਂ ਦੇ ਮਾਨ-ਸਨਮਾਨ ਨੂੰ ਬਰਕਰਾਰ ਰੱਖਿਆ ਜਾਵੇ। ਇਸ ਮੌਕੇ ਸੂਬੇਦਾਰ ਮਨੀ ਸਿੰਘ ਕਾਤਰੋਂ, ਸੂਬੇਦਾਰ ਜੰਗ ਸਿੰਘ, ਕੈਪਟਨ ਅਵਤਾਰ ਸਿੰਘ , ਸੂਬੇਦਾਰ ਗੁਰਦੀਪ ਸਿੰਘ ਖੇੜੀ, ਸੂਬੇਦਾਰ ਬਲਵੰਤ ਸਿੰਘ ਬਦੇਸ਼ਾ, ਨਾਇਬ ਸੂਬੇਦਾਰ ਵਿਸ਼ਨੂੰ ਭਗਵਾਨ ਚਾਂਗਲੀ , ਹੌਲਦਾਰ ਪ੍ਰੀਤਮ ਸਿੰਘ ਗਰੇਵਾਲ , ਹੌਲਦਾਰ ਬੁੱਧ ਸਿੰਘ , ਹੌਲਦਾਰ ਕੁਲਵਿੰਦਰ ਸਿੰਘ ਖੇੜੀ , ਹੌਲਦਾਰ ਅਮਰ ਸਿੰਘ ਘਨੌਰੀ ,ਹੌਲਦਾਰ ਮਨਜੀਤ ਸਿੰਘ ਘਨੌਰੀ , ਹੌਲਦਾਰ ਹਰਜਿੰਦਰ ਸਿੰਘ , ਹੌਲਦਾਰ ਬਲਦੇਵ ਸਿੰਘ ਘਨੌਰੀ, ਹੌਲਦਾਰ ਸੇਵਾ ਸਿੰਘ , ਹੌਲਦਾਰ ਰਾਜ ਸਿੰਘ , ਹੌਲਦਾਰ ਸੁਰਜੀਤ ਸਿੰਘ ਕਾਲਾਬੂਲਾ, ਨਾਇਕ ਨਾਜਰ ਸਿੰਘ ਸ਼ੇਰਪੁਰ ਤੋਂ ਇਲਾਵਾ ਹੋਰ ਵੀ ਸਾਬਕਾ ਸੈਨਿਕ ਹਾਜ਼ਰ ਸਨ।

# ਬੂਟੇ ਲਗਾਓ, ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉ ।

## ਐਤਵਾਰ ਨੂੰ ਬੂਟੇ ਲਾਏ ਜਾਣਗੇ- ਦੀਪ ਇੰਦਰ






ਬਰਨਾਲਾ ( ਸੁਖਵਿੰਦਰ ਸਿੰਘ ਭੰਡਾਰੀ) ਬਰਨਾਲਾ ਦੇ ਪ੍ਰਸਿੱਧ ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀ ਦੀਪ ਇੰਦਰ ਕੌਰ ਅਤੇ ਜਸਬੀਰ ਸਿੰਘ ਗੱਖੀ ਨੇ ਮਨੁੱਖਤਾ ਨੂੰ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣ ਲਈ ਲੋਕਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦਿਨੋਂ-ਦਿਨ ਵਧ ਰਹੀ ਗਰਮੀ ਅਤੇ ਆਲਮੀ ਤਪਸ਼ ਤੋਂ ਬਚਣ ਲਈ ਬੂਟੇ ਲਗਾਓ ਅਤੇ ਪਾਣੀ ਬਚਾਉ ਮੁਹਿੰਮ ਚਲਾਉਣੀ ਪਵੇਗੀ। ਬੂਟੇ ਲਗਾ ਕੇ ਅਤੇ ਉਨ੍ਹਾਂ ਦਾ ਪਾਲਣ ਪੋਸ਼ਣ ਕਰਕੇ ਹੀ ਅਸੀ ਧਰਤੀ ਨੂੰ ਗਲੋਬਲ ਵਾਰਮਿੰਗ ਤੋਂ ਬਚਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਮਨੁੱਖਾਂ ਵੱਲੋਂ ਕੀਤੀ ਜਾ ਰਹੀ ਰੁੱਖਾਂ ਦੀ ਕਟਾਈ ਵਰਗੀਆਂ ਆਪਣੀਆਂ ਗਲਤੀਆਂ ਕਾਰਨ ਵਾਤਾਵਰਣ , ਪਾਣੀ ਤੇ ਹੋਰ ਕੁਦਰਤੀ ਸੋਮੇ ਦਿਨੋਂ-ਦਿਨ ਪਲੀਤ ਹੁੰਦੇ ਜਾ ਰਹੇ ਹਨ।

ਵਾਤਾਵਰਣ ਦੇ ਪ੍ਰਦੂਸ਼ਣ ਨਾਲ ਜਿਥੇ ਮਨੁੱਖੀ ਜੀਵਨ ਤੇ ਗਹਿਰਾ ਅਸਰ ਪੈ ਰਿਹਾ ਹੈ ਉਥੇ ਧਰਤੀ ਤੇ ਰਹਿ ਰਹੇ ਬਹੁਤ ਸਾਰੇ ਪੰਛੀ ਤੇ ਪ੍ਰਾਣੀ ਜਗਤ ਦੀਆਂ ਸੈਂਕੜੇ ਪ੍ਰਜਾਤੀਆਂ ਅਲੋਪ ਹੋ ਚੁੱਕੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਵੱਲੋਂ ਆਪਣੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਜਿਥੇ ਵਾਹੀਯੋਗ ਜ਼ਮੀਨ ਦੇ ਪੌਸ਼ਟਿਕ ਤੱਤ ਖਤਮ ਹੋ ਰਹੇ ਹਨ। ਉਥੇ ਖੇਤਾਂ ਕਿਨਾਰੇ ਲੱਗੇ ਦਰਖੱਤ ਵੀ ਝੁਲਸ ਕੇ ਸੁੱਕ ਜਾਂਦੇ ਹਨ । ਉਨ੍ਹਾਂ ਕਿਹਾ ਕਿ ਮੌਨਸੂਨ ਰੁੱਤ (ਮੀਂਹ ਦਾ ਮੌਸਮ) ਬੂਟੇ ਲਾਉਣ ਲਈ ਢੁਕਵਾਂ ਅਤੇ ਉਚਿਤ ਸਮਾਂ ਹੈ। ਇਸ ਲਈ ਹਰ ਵਿਅਕਤੀ ਘੱਟੋ ਘੱਟ 5-5 ਬੂਟੇ ਜ਼ਰੂਰ ਲਾਵੇ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ।

# ਮਾਸ ਮੀਡੀਆ ਵਿੰਗ ਵਲੋਂ ਵੱਖ-ਵੱਖ ਸਿਹਤ ਪ੍ਰੋਗਰਾਮਾਂ ਸੰਬੰਧੀ ਕੀਤਾ ਗਿਆ ਜਾਗਰੂਕ

## 11 ਜੁਲਾਈ ਤੋਂ 24 ਜੁਲਾਈ ਤੱਕ ਮਨਾਇਆ ਜਾਵੇਗਾ ਆਬਾਦੀ ਸਥਿਰਤਾ ਪੰਦਰਵਾੜਾ : ਤਰਸੇਮ ਲਾਲ

ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਜਿਲ੍ਹੇ ਚ ਚਲਾਏ ਜਾ ਰਹੇ ਵੱਖ-ਵੱਖ ਸਿਹਤ ਪ੍ਰੋਗਰਾਮਾਂ ਸੰਬੰਧੀ ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਜਸਪ੍ਰੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਸਿਵਲ ਸਰਜਨ ਦਫ਼ਤਰ ਤੋਂ ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਤਰਸੇਮ ਲਾਲ ਵਲੋਂ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਵੱਖ ਵੱਖ ਸਿਹਤ ਪ੍ਰੋਗਰਾਮਾਂ ਸੰਬੰਧੀ ਸ਼ੂਗਰ ਮਿੱਲ ਨਵਾਂਸ਼ਹਿਰ, ਪੰਜਾਬ ਟੈਕਸੀ ਸਟੈਂਡ ਨਵਾਂਸ਼ਹਿਰ, ਸਤਲੁਜ ਸਰਵਿਸ ਸਟੇਸ਼ਨ ਨਵਾਂਸ਼ਹਿਰ,ਕੋਕਾ ਕੋਲਾ ਗੜਾਉਣ ਨਵਾਂਸ਼ਹਿਰ ਵਿਖੇ ਸਿਹਤ ਸਿੱਖਿਆ ਦਿੱਤੀ ਗਈ। ਜਿਸ ਵਿੱਚ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ, ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣ ਲਈ ਜਾਗਰੂਕ ਕੀਤਾ ਗਿਆ। ਉਨ੍ਹਾਂ ਵੱਲੋਂ ਬਰਸਾਤੀ ਮੌਸਮ ਦੇ ਮੱਦੇਨਜਰ 1 ਜੁਲਾਈ ਤੋਂ 31 ਅਗਸਤ ਤੱਕ ਚੱਲ ਰਹੀ ਦਸਤ ਰੋਕੋ ਮੁਹਿੰਮ, ਨੈਸ਼ਨਲ ਵੈਕਟਰ ਐਂਡ ਵਾਟਰ ਬੋਰਨ ਕੰਟਰੋਲ ਪ੍ਰੋਗਰਾਮ ਦੇ ਅੰਤਰਗਤ ਮਲੇਰੀਆ, ਡੇਂਗੂ ਦੀ ਰੋਕਥਾਮ ਅਤੇ ਜਾਗਰੂਕਤਾ ਮੁਹਿੰਮ ਤਹਿਤ ਵੀ ਜਾਗਰੂਕ ਕੀਤਾ ਗਿਆ।ਉਨ੍ਹਾਂ ਕਿਹਾ ਕਿ 11 ਜੁਲਾਈ ਤੋਂ 24 ਜੁਲਾਈ ਤੱਕ ਆਬਾਦੀ ਸਥਿਰਤਾ ਪੰਦਰਵਾੜਾ ਮਨਾਇਆ ਜਾਵੇਗਾ ਜਿਸ ਤਹਿਤ ਵੱਧ ਤੋਂ ਵੱਧ ਲੋਕਾਂ ਨੂੰ ਜਿਲ੍ਹੇ ਅੰਦਰ ਚੱਲ ਰਹੀਆਂ ਵੱਖ-ਵੱਖ ਸਿਹਤ ਸਕੀਮਾਂ ਅਤੇ ਸਿਹਤ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਵੱਖ-ਵੱਖ ਸਿਹਤ ਸੇਵਾਵਾਂ ਤਹਿਤ 28 ਜੂਨ ਤੋਂ 24 ਜੁਲਾਈ ਤੱਕ ਪਰਿਵਾਰ ਨਿਯੋਜਨ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਲੱਗਭਗ ਇੱਕ ਮਹੀਨਾ ਚੱਲਣ ਵਾਲੀ ਇਸ ਮੁਹਿੰਮ ਤਹਿਤ ਸਿਹਤ ਵਿਭਾਗ ਵੱਲੋਂ 28 ਜੂਨ ਤੋਂ 10 ਜੁਲਾਈ ਤੱਕ ਦੰਪਤੀ ਸੰਪਰਕ ਪੰਦਰਵਾੜਾ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਸਿਹਤ ਵਿਭਾਗ ਦੇ ਸਿਹਤ ਕਾਮਿਆਂ ਵੱਲੋਂ ਯੋਗ ਜੋੜਿਆਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਉਨ੍ਹਾਂ ਦੀ ਲੋੜ ਮੁਤਾਬਿਕ ਪਰਿਵਾਰ ਨਿਯੋਜਨ ਦੇ ਸਥਾਈ ਅਤੇ ਅਸਥਾਈ ਸਾਧਨ ਅਪਣਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਸਾਲ ਸਿਹਤ ਵਿਭਾਗ ਵੱਲੋਂ ਅਬਾਦੀ ਦਿਵਸ ਨੂੰ ਵਿਕਸਿਤ ਭਾਰਤ ਦੀ ਨਵੀਂ ਪਹਿਚਾਣ - ਪਰਿਵਾਰ ਨਿਯੋਜਨ ਹਰ ਦੰਪਤੀ ਦੀ ਸ਼ਾਨ ਵਿਸ਼ੇ ਤਹਿਤ ਮਨਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ 11 ਜੁਲਾਈ ਤੋਂ 24 ਜੁਲਾਈ ਤੱਕ ਆਬਾਦੀ ਸਥਿਰਤਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਵੱਖ -ਵੱਖ ਸਿਹਤ ਸੰਸਥਾਵਾਂ ਤੇ ਵਿਸ਼ੇਸ਼ ਕੈਂਪ ਲਗਾ ਕੇ ਯੋਗ ਜੋੜਿਆਂ ਨੂੰ ਪਰਿਵਾਰ ਨਿਯੋਜਨ ਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਯੋਗ ਜੋੜਿਆਂ ਨੂੰ ਸਿਹਤ ਸੰਸਥਾਵਾਂ ਤੇ ਸਿਹਤ ਕਾਮਿਆਂ ਦੀ ਮੱਦਦ ਨਾਲ ਸਿਹਤ ਸੇਵਾਵਾਂ ਮੁਹੱਈਆ ਕਰਵਾਈਆ ਜਾਣਗੀਆਂ ਅਤੇ ਵੱਧ ਤੋਂ ਵੱਧ ਯੋਗ ਜੋੜਿਆਂ ਨੂੰ ਆਬਾਦੀ ਸਥਿਰਤਾ ਪੰਦਰਵਾੜੇ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਵੱਲੋਂ ਸਾਰੇ ਯੋਗ ਜੋੜਿਆਂ ਨੂੰ ਅਪੀਲ ਕਰਦਿਆਂ ਕਿਹਾ ਗਿਆ ਕਿ ਉਹ ਇਸ ਪੰਦਰਵਾੜੇ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਆਪਾ ਰਲਮਿਲ ਕੇ ਬੱਚਿਆਂ ਦੀਆਂ ਡਾਇਰੀਆ (ਦਸਤ) ਕਾਰਨ ਹੋਣ ਵਾਲੀਆਂ ਮੌਤਾਂ ਤੇ ਕਾਬੂ ਪਾਉਣਾ ਹੈ। ਉਨ੍ਹਾਂ ਦੱਸਿਆ ਕਿ ਦਸਤ ਇੱਕ ਆਮ ਸਮੱਸਿਆ ਹੈ। ਇਸ ਦੇ ਹੋਣ ਦਾ ਮੁੱਖ ਕਾਰਨ ਵਾਇਰਲ ਜਾਂ ਬੈਕਟੀਰੀਆ ਇਨਫੈਕਸ਼ਨ ਹੁੰਦਾ ਹੈ। ਦੂਸ਼ਿਤ ਪਾਣੀ ਅਤੇ ਭੋਜਨ ਦੇ ਸੇਵਨ ਕਾਰਨ ਅਕਸਰ ਇਸ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਦਸਤ ਦੇ ਕਾਰਨ ਮਨੁੱਖ ਦੇ ਸਰੀਰ ਚ ਕਈ ਤਰ੍ਹਾਂ ਦੇ ਲੱਛਣ ਨਜ਼ਰ ਆਉਣ ਲੱਗਦੇ ਹਨ। ਇਨ੍ਹਾਂ ਚ ਉਲਟੀ, ਡੀਹਾਈਡਰੇਸ਼ਨ, ਦਸਤ, ਪੇਟ ਚ ਦਰਦ, ਬੁਖ਼ਾਰ, ਸੋਜ ਅਤੇ ਮਲ ਚੋਂ ਖ਼ੂਨ ਆਉਣਾ ਆਦਿ ਸ਼ਾਮਲ ਹੈ। ਉਨ੍ਹਾਂ ਵੱਲੋਂ ਓ.ਆਰ.ਐਸ. ਦਾ ਘੋਲ ਬਣਾਉਣ ਅਤੇ ਪਿਲਾਉਣ ਦੀ ਵਿਧੀ ਸੰਬਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਬੱਚੇ ਨੂੰ ਪਤਲੇ ਦਸਤ ਹੋਣ ਦੀ ਸੂਰਤ ਵਿੱਚ ਜੇਕਰ ਓ.ਆਰ.ਐਸ. ਦਾ ਘੋਲ ਪਿਲਾਇਆ ਜਾਵੇ ਤਾਂ ਇਹ ਜੀਵਨ ਰੱਖਿਅਕ ਦਾ ਕੰਮ ਕਰਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ♥✝☆▲✪ ਦੇ ਫਾਰਮੂਲੇ ਰਾਹੀਂ ਹੱਥ ਧੋਣ ਸਬੰਧੀ ਸਿਹਤ ਸਿੱਖਿਆ ਦਿੱਤੀ। ਇਸ ਮੌਕੇ ਯੁਗੇਸ਼ ਕੁਮਾਰ, ਬਲਵਿੰਦਰ ਸਿੰਘ,ਜੱਸਾ ਬਾਬਾ, ਰਜਿੰਦਰ ਕੁਮਾਰ, ਮੁਕੇਸ਼ ਕੁਮਾਰ, ਹਰਵਿੰਦਰ ਕੁਮਾਰ, ਮਨਜੀਤ ਸਿੰਘ,ਰਾਮ ਸਰੂਪ, ਪਰਮਜੀਤ ਸਿੰਘ, ਸਰਬਜੀਤ ਸਿੰਘ, ਸ਼ਿਵ ਕੁਮਾਰ, ਪਲਵਿੰਦਰ ਸਿੰਘ, ਕੁਲਦੀਪ ਸਿੰਘ ਵਲੋਂ ਸੰਪੂਰਨ ਸਹਿਯੋਗ ਦਿੱਤਾ ਗਿਆ।



# ਹਰਿਆਵਲ ਮੁਹਿੰਮ ਤਹਿਤ ਸਿਵਲ ਹਸਪਤਾਲ ਬਰਨਾਲਾ ਕੰਪਲੈਕਸ ਚ ਲਾਏ ਪੌਦੇ



ਬਰਨਾਲਾ,(ਸੁਖਵਿੰਦਰ ਸਿੰਘ ਭੰਡਾਰੀ) ਵਿਸ਼ਵ ਵਾਤਾਵਰਣ ਦਿਵਸ ਨੂੰ ਸਮਰਪਿਤ ਮੁਹਿੰਮ ਤਹਿਤ ਮੈਡਮ ਪੂਨਮਦੀਪ ਕੌਰ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ ਨਿਰਦੇਸ਼ ਅਧੀਨ ਡਾ. ਹਰਿੰਦਰ ਸ਼ਰਮਾ ਸਿਵਲ ਸਰਜਨ ਬਰਨਾਲਾ ਅਤੇ ਡਾ. ਜੋਤੀ ਕੌਸ਼ਲ ਐਸ.ਐਮ.ਓ. ਸਿਵਲ ਹਸਪਤਾਲ ਬਰਨਾਲਾ ਦੀ ਅਗਵਾਈ ਅਧੀਨ ਵਾਤਾਵਰਣ ਨੂੰ ਬਚਾਉਣ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਿਵਲ ਹਸਪਤਾਲ ਬਰਨਾਲਾ ਵਿਖੇ ਪੌਦੇ ਲਗਾਏ ਗਏ। ਇਸ ਮੌਕੇ ਡਾ. ਜੋਤੀ ਕੌਸ਼ਲ ਨੇ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਵਲੋਂ ਵਾਤਾਵਰਨ ਅਤੇ ਪਾਣੀ ਨੂੰ ਬਚਾਉਣ ਲਈ ਪਹਿਲ ਤਹਿਤ ਸਿਵਲ ਹਸਪਤਾਲ ਬਰਨਾਲਾ ਵਿੱਚ ਵੱਖ-ਵੱਖ ਥਾਵਾਂ ਤੇ ਬੂਟੇ ਲਗਾਏ ਗਏ ਹਨ ਤੇ ਸਭ ਨੂੰ ਬੇਨਤੀ ਕੀਤੀ ਹੈ ਕਿ ਵੱਧ ਤੋਂ ਵੱਧ ਬੂਟੇ ਲਗਾਓ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਮੁਕਤ ਪੰਜਾਬ ਮਿਲ ਸਕੇ। ਰਸ਼ਵਿੰਦਰ ਸਿੰਘ ਜ਼ਿਲ੍ਹਾ ਫਾਰਮੇਸੀ ਅਫਸਰ ਨੇ ਦੱਸਿਆ ਕਿ ਅਸੀਂ ਵਾਤਾਵਰਨ ਨੂੰ ਬਚਾਉਣ ਲਈ ਆਪਣੇ ਘਰ ਤੋਂ, ਮੁਹੱਲੇ ਤੋਂ, ਪਿੰਡ ਤੋਂ ਸ਼ੁਰੂ ਕਰੀਏ ਅਤੇ ਵੱਧ ਤੋਂ ਵੱਧ ਥਾਵਾਂ ਤੇ ਪੌਦੇ ਲਗਾਈਏ। ਇਸ ਮੌਕੇ ਡਾ. ਰਿਮੀ ਮਾਈਕਰੋਬਾਇਓਲੋਜਿਸਟ, ਜੋਗਿੰਦਰ ਸਿੰਘ ਜ਼ਿਲ੍ਹਾ ਫਾਰਮੇਸੀ ਅਫਸਰ ਦਿਲਪ੍ਰੀਤ ਕੌਰ ਨਰਸਿੰਗ ਸਿਸਟਰ ਸਿਵਲ ਹਸਪਤਾਲ ਬਰਨਾਲਾ , ਜਸਪ੍ਰੀਤ ਕੌਰ ਆਈ.ਸੀ.ਐਨ ਅਤੇ ਹੋਰ ਸਿਹਤ ਕਰਮੀ ਆਦਿ ਹਾਜ਼ਰ ਸਨ।

# ਆਸ਼ੀਰਵਾਦ ਸਕੀਮ ਤਹਿਤ 3.12 ਕਰੋੜ ਰੁਪਏ ਲਾਭਪਾਤਰੀਆਂ ਦੇ ਖਾਤਿਆਂ ਚ ਪਾਏ-- ਮੀਤ ਹੇਅਰ



ਬਰਨਾਲਾ, (ਸੁਖਵਿੰਦਰ ਸਿੰਘ ਭੰਡਾਰੀ) ਸੰਸਦ ਮੈਂਬਰ ਸੰਗਰੂਰ ਅਤੇ ਸਾਬਕਾ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਲਈ ਚੱਲ ਰਹੀ ਆਸ਼ੀਰਵਾਦ ਸਕੀਮ ਤਹਿਤ ਜ਼ਿਲ੍ਹਾ ਬਰਨਾਲਾ ਦੇ 612 ਲਾਭਪਾਤਰੀਆਂ ਨੂੰ 3 ਕਰੋੜ ਤੋਂ ਵੱਧ ਦੀ ਰਾਸ਼ੀ ਸ਼ਗਨ ਦੇ ਰੂਪ ਚ ਖਾਤਿਆਂ ਚ ਪਾਈ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਜਨਵਰੀ 2023 ਤੋਂ ਜਨਵਰੀ 2024 ਤੱਕ ਦੇ 612 ਲਾਭਪਾਤਰੀਆਂ ਨੂੰ 51000 ਰੁਪਏ ਪ੍ਰਤੀ ਲਾਭਪਾਤਰੀ ਦੇ ਹਿਸਾਬ ਨਾਲ 3,12,12,000 ਰੁਪਏ ਬੈਂਕ ਖਾਤਿਆਂ ਵਿੱਚ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਫਰਵਰੀ ਤੋਂ ਮਈ ਤੱਕ ਦੀ 2 ਕਰੋੜ 34 ਲੱਖ ਦੀ ਰਾਸ਼ੀ ਵੀ ਸਰਕਾਰ ਵਲੋਂ ਜਾਰੀ ਕੀਤੀ ਜਾ ਚੁੱਕੀ ਹੈ ਜੋ ਕਿ ਜਲਦ ਹੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਪਾ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉਥੇ ਹੀ ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਲਈ ਲਗਾਤਾਰ ਕਾਰਜਸ਼ੀਲ ਹੈ। ਇਸ ਮੌਕੇ ਸਕੀਮ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਲੜਕੀ ਦੀ ਉਮਰ 18 ਸਾਲ ਤੋਂ ਵੱਧ ਹੋਵੇ, ਪਰਿਵਾਰ ਦੀ ਸਾਰੇ ਸਾਧਨਾਂ ਤੋਂ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਦੇਣ ਦੇ ਯੋਗ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ ਲੜਕੀ ਦੇ ਵਿਆਹ ਤੋਂ ਪਹਿਲਾਂ ਜਾਂ 30 ਦਿਨਾਂ ਦੇ ਅੰਦਰ ਤਹਿਸੀਲ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਦਫ਼ਤਰ ਵਿੱਚ ਅਪਲਾਈ ਕੀਤਾ ਜਾਵੇ। ਜਿਨ੍ਹਾਂ ਪਰਿਵਾਰਾਂ ਕੋਲ ਬੀ ਪੀ ਐਲ ਜਾਂ ਨੀਲੇ ਕਾਰਡ ਹਨ, ਉਨ੍ਹਾਂ ਨੂੰ ਆਮਦਨ ਦੇ ਸਬੂਤ ਵਜੋਂ ਕੋਈ ਹੋਰ ਦਸਤਾਵੇਜ਼ ਦੇਣ ਦੀ ਜ਼ਰੂਰਤ ਨਹੀਂ।

# ਸਾਇਨਿੰਗ ਸਟਾਰ ਈਵੈਂਟ ਵਲੋਂ ਟੈਲੈਂਟ ਪਲੱਸ - ਟੈਲੈਂਟ ਕਾ ਅਸਲੀ ਮੰਚ (ਡਾਂਸਿੰਗ ਤੇ ਮਾਡਲਿੰਗ) ਸ਼ੋਅ ਆਯੋਜਿਤ

ਪਟਿਆਲਾ (ਲੋਕ ਬਾਣੀ) ਸ਼ਾਈਨਿੰਗ ਸਟਾਰ ਇਵੈਂਟਸ ਪਲਾਨਰ ਵੱਲੋਂ ਨਵੇਂ ਤੇ ਉਭਰਦੇ ਕਲਾਕਾਰਾਂ ਲਈ ਟੈਲੇਂਟ ਪਲੱਸ ਡਾਂਸ ਤੇ ਮਾਡਲਿੰਗ ਸ਼ੋਅ ਬੰਬੇ ਰੇਜੀਡੈਂਸੀ ਪਟਿਆਲਾ ਵਿਖੇ ਕਰਵਾਇਆ ਗਿਆ। ਇਸ ਸ਼ੋਅ ਦੇ ਲਈ ਪੰਜਾਬ, ਚੰਡੀਗੜ੍ਹ ਤੇ ਹਰਿਆਣਾ ਤੋਂ ਸੀਨੀਅਰ ਜੂਨੀਅਰ ਕੈਟੇਗਰੀਆਂ ਵਿੱਚ 215 ਪ੍ਰਤੀਯੋਗੀਆਂ ਨੇ ਆਨਲਾਈਨ /ਆਫ਼ਲਾਈਨ ਭਾਗ ਲਿਆ ਜਿਨਾਂ ਵਿੱਚੋਂ ਅੰਤਿਮ ਮੁਕਾਬਲਿਆਂ ਲਈ 45 ਪ੍ਰਤੀਯੋਗੀ ਚੁਣੇ ਗਏ। ਉਹਨਾਂ ਨੇ ਪੂਰੇ ਉਤਸ਼ਾਹ ਨਾਲ ਆਪਣਾ ਹੁਨਰ ਵਿਖਾਇਆ।

ਇਸ ਸ਼ੋਅ ਦੇ ਸਬ- ਜੂਨੀਅਰ ਵਰਗ ਡਾਂਸ ਵਿੱਚੋਂ ਸਕਸ਼ਮ ਗਰਗ (ਵਿਨਰ), ਖੁਸ਼ੀ ( ਫਸਟ ਰਨਰ ਅੱਪ), ਅਰਾਧਿਆ ( ਸੈਕਿੰਡ ਰਨਰ ਅੱਪ ) ਰਹੇ। ਜੂਨੀਅਰ ਕੈਟਾਗਰੀ ਵਿੱਚ ਕਵਰੀਤ ਕੌਰ ਅਤੇ ਯੁਵਰਾਜ ਵਿਰਕ (ਵਿਨਰ), ਗੁਨਵੀਰ ਸਿੰਘ (ਫਸਟ ਰਨਰ ਅਪ), ਨਤਾਸ਼ਾ( ਸੈਕਿੰਡ ਰਨਰ ਅਪ )ਰਹੇ। ਸੀਨੀਅਰ ਕੈਟਾਗਰੀ ਵਿੱਚੋਂ ਯਾਚਨਾ ਜ਼ਖਮੀ ( ਵਿਨਰ ) ਹਰਸ਼ਪ੍ਰੀਤ ਕੌਰ ਅਤੇ ਵਿਰਾਜ ਕ੍ਰਮਵਾਰ ਫਸ਼ਟ ਅਤੇ ਸੈਕੰਡ ਰਨਰ ਅਪ ਰਹੇ। ਮਾਡਲਿੰਗ ਦੇ ਸੀਨੀਅਰ ਕੈਟੇਗਰੀ ਵਿੱਚੋਂ ਯਾਚਨਾ ਜ਼ਖਮੀ(ਵਿਨਰ), ਮਿਸਟਰ ਅਭੀ ਧੀਮਾਨ (ਵਿਨਰ),ਜਾਨਵੀ ਸਿੰਗਲਾ(ਫਸਟ ਰਨਰ ਅਪ), ਜੂਨੀਅਰ ਕੈਟਾਗਰੀ ਵਿੱਚੋਂ ਪਰਿਸ਼ਾ (ਵਿਨਰ), ਮਿਸਟਰ ਸੋਨਾਕਸ਼ ਵਰਮਾ (ਵਿਨਰ) ਅਤੇ ਗਰੁੱਪ ਕੈਟਾਗਰੀ ਵਿੱਚੋਂ ਸੈਵਨ ਸਟਾਰ ਕਰਿਊ ਜੇਤੂ ਰਹੇ। ਇਹਨਾਂ ਮੁਕਾਬਲਿਆਂ ਦੀ ਨਿਰਪੱਖ ਜਜਮੈਂਟ ਮਿਸ਼ ਲਵਲਾਂਸੀ, ਮਿਸ਼ ਸਾਕਸ਼ੀ ਅਤੇ ਡਾਇਰੈਕਟਰ ਨਰਿੰਦਰ ਪੁਰੀ ਸਾਂਝੇ ਤੌਰ ਤੇ ਕੀਤੀ।

ਪ੍ਰੋਗਰਾਮ ਦੇ ਮੁੱਖ ਮਹਿਮਾਨ ਮੈਡਮ ਹਰਸ਼ ਬਜਾਜ ਸਨ।

ਪ੍ਰੋਗਰਾਮ ਦੌਰਾਨ ਹਰਪ੍ਰੀਤ ਸਿੰਘ ਪਿੱਤਾ ਬਾੜੀ ਬਿਲਡਰ, ਗਲੈਮਰ ਸੈਲੀਬ੍ਰਿਟੀ ਤੇ ਹੈਲਥ ਟ੍ਰੇਨਰ ਡੈਜਲਿੰਗ ਸੈਵੀ, ਨਿਰਦੇਸ਼ਕ ਰਾਜਨ ਦੇਵ, ਸੁਰਮੀਤ, ਪਰਮਜੀਤ ਕੌਰ, ਮਨੀਸ਼ਾ ਜੋਸ਼ ਕਮਿਊਨਿਟੀ ਦਾ ਕਲੱਬ ਵਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਰਾਜੀਵ ਬਾਂਸਲ ਪ੍ਰਬੰਧ ਨਿਰਦੇਸ਼ਕ ਬੰਬੇ ਰੈਜੀਡੈਂਸੀ,ਸਾਬਕਾ ਡੀਐਸਪੀ ਜੋਗ ਭਾਟੀਆ, ਉੱਘੇ ਸਮਾਜ ਸੇਵੀ ਵਾਤਾਵਰਨ ਤੇ ਕਲਾ ਪ੍ਰੇਮੀ ਭਗਵਾਨ ਦਾਸ ਗੁਪਤਾ, ਕਲਾ ਪ੍ਰਮੋਟਰ ਪੈਰੀ ਗਰੋਵਰ,ਅਨੁਰਾਗ ਸ਼ਰਮਾ ਪ੍ਰਧਾਨ ਇਲੈਕਟ੍ਰੋਨਿਕ ਮੀਡੀਆ ਵੈਲਫੇਅਰ ਐਸੋਸੀਏਸ਼ਨ ਪਟਿਆਲਾ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪਹੁੰਚੇ। ਪੰਜਾਬੀ ਲੈਕਚਰਾਰ ਨੈਨਸੀ ਨੇ ਧੰਨਵਾਦੀ ਸ਼ਬਦ ਕਹੇ।



ਪ੍ਰੋਗਰਾਮ ਦੀ ਹੋਸਟ ਪ੍ਰਸਿੱਧ ਮੰਚ ਸੰਚਾਲਿਕਾ ਤਾਨੀਆ ਡਾਂਗ ਅਤੇ ਬਾਲ ਕਲਾਕਾਰ ਜਿਆ ਨੇ ਖ਼ੂਬਸੂਰਤ ਸ਼ੇਅਰੋ ਸ਼ਾਇਰੀ ਅਤੇ ਮਨਮੋਹਕ ਆਦਾਵਾਂ ਨਾਲ ਸੱਭਨਾਂ ਦਾ ਮਨ ਮੋਹ ਲਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦੀਦਾਰ ਸਿੰਘ ਗਾਬਾ, ਗੁਰਪ੍ਰੀਤ ਪ੍ਰੀਤ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੰਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਰੇਲਵੇ ਦੇ ਕੰਮ ਚੌਂ ਪੱਥਰ ਚੋਰੀ ਕਰਨ ਦਾ ਮਾਮਲਾ ਗਰਮਾਇਆ




### ਕੀ ਕਹਿਣਾ ਹੈ ਸਾਬਕਾ ਸਰਪੰਚ ਦਾ ?

ਇਸ ਸਬੰਧੀ ਜਦੋਂ ਪਿੰਡ ਦੇ ਸਾਬਕਾ ਸਰਪੰਚ ਕਰਮ ਚੰਦ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸੁਭਾਸ਼ ਸ਼ਰਮਾ ਤੇ ਦੋਸ਼ ਲਗਾਉਣ ਵਾਲੇ ਖੁਦ ਹੀ ਪੱਥਰ ਕੱਢਦੇ ਹਨ ਤੇ ਫਿਰ ਖੁਦ ਹੀ ਵੇਚਦੇ ਹਨ ਤੇ ਫਿਰ ਇਲਜ਼ਾਮ ਬਾਜੀ ਦੂਜਿਆਂ ਤੇ ਲਗਾਉਂਦੇ ਹਨ। ਉਨ੍ਹਾਂ ਕਿਹਾ ਇਹ ਸਾਬਤ ਕਰਨ ਕਿ ਪੱਥਰ ਕਿੱਥੇ ਗਿਆ ? ਉਨ੍ਹਾਂ ਕਿਹਾ ਸੁਭਾਸ਼ ਸ਼ਰਮਾ ਨੇ ਜੋ ਵੀ ਕਿਹਾ ਸਹੀ ਕਿਹਾ ਕੁੱਝ ਗਲਤ ਨਹੀ ਕਿਹਾ।

### ਪੁਲਿਸ ਵਲੋਂ ਬਣਦੀ ਕਾਰਵਾਈ ਕੀਤੀ ਜਾਵੇਗੀ-ਥਾਣਾ ਮੁਖੀ

ਇਸ ਸਬੰਧੀ ਜਦੋਂ ਥਾਣਾ ਮੁਖੀ ਦਾਨਿਸ਼ਵੀਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਸਾਰੀ ਘਟਨਾ ਦੀ ਪੜਤਾਲ ਕਰ ਰਹੇ ਹਾਂ ਤੇ ਬਣਦੀ ਕਨੂੰਨੀ ਕਾਰਵਾਈ ਕੀਤੀ ਜਾਵੇਗੀ।

### ਜਨਤਾ ਦਾ ਪ੍ਰਤੀਨਿੱਧ ਹਾਂ ਜਨਤਾ ਦੀ ਗੱਲ ਕਰਾਂਗਾ-ਸੁਭਾਸ਼ ਸ਼ਰਮਾ

ਇਸ ਸਬੰਧੀ ਜਦੋਂ ਭਾਜਪਾ ਆਗੂ ਸੁਭਾਸ਼ ਸ਼ਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਕੁੱਝ ਵੀ ਗਲਤ ਨਹੀ ਕਿਹਾ। ਉਥੋਂ ਦੇ ਲੋਕਾਂ ਨੇ ਮੈਨੂੰ ਜੋ ਦੱਸਿਆ ਸੀ ਮੈਂ ਉਸ ਸਬੰਧੀ ਗੱਲ ਕੀਤੀ ਹੈ। ਮੈਂ ਜਨਤਾ ਦਾ ਪ੍ਰਤੀਨਿਧੀ ਹਾਂ ਤੇ ਜਨਤਾ ਦੀ ਗੱਲ ਕਰਦਾ ਰਹਾਂਗਾ।

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਪਿਛਲੇ ਦਿਨੀਂ ਭਾਜਪਾ ਆਗੂ ਸੁਭਾਸ਼ ਸ਼ਰਮਾ ਵਲੋਂ ਪਿੰਡ ਪਹਾੜਪੁਰ ਸਿੰਬਰਆਲਾ ਵਿਖੇ ਰੇਲਵੇ ਅਧਿਕਾਰੀਆਂ ਨਾਲ ਦੁਰਵਿਵਹਾਰ ਕੀਤਾ ਗਿਆ ਜਿਸ ਦੀ ਅਸੀਂ ਸਖਤ ਸ਼ਬਦਾਂ ਵਿਚ ਨਿਖੇਧੀ ਕਰਦੇ ਹਾਂ। ਇਹ ਗੱਲ ਅੱਜ ਪੱਤਰਕਾਰ ਸੰਮੇਲਨ ਦੌਰਾਨ ਪਿੰਡ ਵਾਸੀਆਂ ਨੇ ਕਹੀ। ਪੱਤਰਕਾਰ ਸੰਮੇਲਨ ਦੋਰਾਨ ਗੱਲਬਾਤ ਕਰਦਿਆਂ ਕੈਪਟਨ ਗੁਰਨਾਮ ਸਿੰਘ, ਛੰਮੀ ਬਰਾਰੀ, ਮੱਖਣ ਕਾਲਸ, ਸੁਖਦੇਵ ਆਦਿ ਆਗੂਆਂ ਨੇ ਦੱਸਿਆ ਕਿ ਪਿੰਡ ਪਹਾੜਪੁਰ ਸਿੰਬਰਆਲਾ ਵਿਖੇ ਰੇਲਵੇ ਦਾ ਪ੍ਰਾਜੈਕਟ ਚਲ ਰਿਹਾ ਹੈ। ਰੇਲਵੇ ਵਲੋਂ ਇਕ ਕੰਪਨੀ ਨੂੰ ਸਾਰਾ ਕੰਮ ਦਿਤਾ ਗਿਆ ਹੈ ਤੇ ਅੱਗੋਂ ਕੰਪਨੀ ਵਲੋਂ ਵੱਖ ਵੱਖ ਠੇਕੇਦਾਰਾਂ ਨੂੰ ਕੰਮ ਵੰਡਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਕੰਮ ਦੋਰਾਨ ਪੁਟਾਈ ਤੋਂ ਬਾਅਦ ਜੋ ਪੱਥਰ ਨਿਕਲਦਾ ਹੈ ਉਹ ਇਕ ਜਗ੍ਹਾ ਇਕੱਠਾ ਕੀਤਾ ਜਾਂਦਾ ਹੈ ਪਰ ਕੁੱਝ ਸ਼ਰਾਰਤੀ ਅਨਸਰਾਂ ਵਲੋਂ ਰਾਤ ਦੇ ਸਮੇ ਇਸ ਪੱਥਰ ਦੀ ਚੋਰੀ ਕੀਤੀ ਜਾਂਦੀ ਹੈ ਜਿਨ੍ਹਾਂ ਖਿਲਾਫ ਅਸੀਂ ਸ੍ਰੀ ਅਨੰਦਪੁਰ ਸਾਹਿਬ ਥਾਣਾ ਵਿਖੇ ਪੁਲਿਸ ਸ਼ਿਕਾਇਤ ਵੀ ਦਰਜ ਕਰਾਈ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਦੋਰਾਨ ਸਾਨੂੰ ਉਨ੍ਹਾਂ ਵਲੋਂ ਜਿੱਥੇ ਧਮਕੀਆਂ ਦਿਤੀਆਂ ਗਈਆਂ ਉਥੇ ਸਾਡੇ ਖਿਲਾਫ ਭਾਜਪਾ ਦੇ ਆਗੂ ਸੁਭਾਸ਼ ਸ਼ਰਮਾ ਨੂੰ ਨਾਲ ਲਿਆ ਕੇ ਸਾਡੇ ਅਤੇ ਰੇਲ ਅਧਿਕਾਰੀਆਂ ਦੇ ਨਾਲ ਕਥਿਤ ਤੋਰ 'ਤੇ ਦੁਰਵਿਵਹਾਰ ਕੀਤਾ ਗਿਆ ਜਿਸ ਦੀ ਅਸੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹਾਂ। ਉਨ੍ਹਾਂ ਕਿਹਾ ਭਾਜਪਾ ਆਗੂ ਨੂੰ ਪਹਿਲਾਂ ਸਾਰੀ ਸਚਾਈ ਜਾਣ ਲੈਣੀ ਚਾਹੀਦੀ ਹੈ ਪਰ ਅਫਸੋਸ ਉਨ੍ਹਾਂ ਨੇ ਸ਼ਰੇਆਮ ਪਿੰਡ ਵਾਸੀਆਂ ਦੇ ਸਾਹਮਣੇ ਰੇਲਵੇ ਦੇ ਉਚ ਅਧਿਕਾਰੀ ਨਾਲ ਮਾੜੀ ਸ਼ਬਦਾਵਲੀ ਵਰਤਦਿਆਂ ਬੁਰਾ ਭਲਾ ਕਿਹਾ ਜੋ ਅਫਸੋਸਨਾਕ ਹੈ। ਇਸ ਮੋਕੇ ਰਕੇਸ਼ ਬੀਡੀਸੀ, ਦਿਲਬਾਗ, ਜਰਮਨ, ਕਾਕੂ, ਰਾਮ ਜੀ, ਰਾਜਪਾਲ, ਹੁਕਮ ਚੰਦ, ਪੰਚ ਭਾਗ ਚੰਦ, ਚੀਮਾ, ਸੁਖਦੇਵ ਸਿੰਘ ਆਦਿ ਹਾਜਰ ਸਨ।

# ਡਿਪਟੀ ਕਮਿਸ਼ਨਰ ਨੇ ਸੀਵਰੇਜ ਅਤੇ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

## ਅਧਿਕਾਰੀਆਂ ਨੂੰ ਸੰਭਾਵੀ ਹੜ੍ਹਾਂ ਦੀ ਰੋਕਥਾਮ ਸਬੰਧੀ ਸਿਰ ਪ੍ਰਬੰਧ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼




ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ ਮਨਪ੍ਰੀਤ ਵਾਸੂ) ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਵੱਲੋਂ ਜ਼ਿਲ੍ਹੇ ਅੰਦਰ ਸੀਵਰੇਜ ਅਤੇ ਡਰੇਨਜ਼ ਦੇ ਕੰਮ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਐਸ. ਡੀ.ਐਮ. ਬੰਗਾ ਵਿਕਰਮਜੀਤ ਸਿੰਘ ਪਾਂਥੇ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਰਿਸ਼ ਦਾ ਮੌਸਮ ਚੱਲ ਰਿਹਾ ਹੈ। ਇਸ ਲਈ ਸਬੰਧਤ ਅਧਿਕਾਰੀ ਆਪਣੀ ਹਦੂਦ ਅੰਦਰ ਸਾਫ਼ ਸਫਾਈ ਦੇ ਕੰਮ ਨੂੰ ਯਕੀਨੀ ਬਣਾਉਣ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸ਼ਹਿਰ ਅੰਦਰ ਜਿੱਥੇ ਕਿੱਤੇ ਸੀਵਰੇਜ ਦੀ ਸਮੱਸਿਆ ਹੈ, ਉਸ ਨੂੰ ਠੀਕ ਕਰਨ ਅਤੇ ਜੇ ਕਿੱਤੇ ਸੀਵਰੇਜ ਜਾਮ ਹੈ ਤਾਂ ਉਸ ਨੂੰ ਖੋਲ ਕੇ ਨਿਰਵਿਘਨ ਸਪਲਾਈ ਯਕੀਨੀ ਬਣਾਉਣ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਬਾਰਿਸ਼ ਦੌਰਾਨ ਸ਼ਹਿਰ ਅੰਦਰ ਪਾਣੀ ਨਾ ਭਰੇ ਲਈ ਉਹ ਆਪਣੇ ਸੀਵਰੇਜ ਸਿਸਟਮ ਨੂੰ ਚੈਕ ਕਰ ਲੈਣ ਤਾਂ ਜੋ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਡਰੇਨਾਂ ਦੀ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਤਾਂ ਜੋ ਬਾਰਿਸ਼ ਹੋਣ 'ਤੇ ਡਰੇਨਾਂ ਰਾਹੀਂ ਅਸਾਨੀ ਨਾਲ ਪਾਣੀ ਜਾ ਸਕੇ। ਉਨ੍ਹਾ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਮਾਨਦਾਰੀ ਅਤੇ ਤਨਦੇਹੀ ਨਾਲ ਡਿਊਟੀ ਨੂੰ ਨਿਭਾਉਣ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਸੰਭਾਵੀ ਹੜ੍ਹਾਂ ਦੀ ਰੋਕਥਾਮ ਸਬੰਧੀ ਸਮੇਂ ਸਿਰ ਆਪਣੇ ਪ੍ਰਬੰਧ ਮੁਕੰਮਲ ਕਰ ਲੈਣ ਤਾਂ ਜੋ ਬਾਅਦ ਵਿੱਚ ਪ੍ਰੇਸ਼ਾਨੀ ਨਾ ਹੋਵੇ।

# ਵੱਖ-ਵੱਖ ਸਿਹਤ ਸੰਸਥਾਂਵਾ ਵਿੱਚ ਲਗਾਏ ਪੌਦੇ




ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਡਾ.ਮੰਨੁ ਵਿਜ਼ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਦਲਜੀਤ ਕੌਰ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਹੇਠ ਵੱਖ-ਵੱਖ ਸਿਹਤ ਤੇ ਤੰਦਰੁਸਤੀ ਕੇਂਦਰਾਂ ਵਿੱਚ ਪੌਦੇ ਲਗਾਏ ਜਾ ਰਹੇ ਹਨ। ਇਸੇ ਤਹਿਤ ਅੱਜ ਮੋਜੋਵਾਲ ਵਿਖੇ ਸਿਹਤ ਕਰਮਚਾਰੀਆਂ ਵਲੋਂ ਵੱਖ-ਵੱਖ ਤਰਾਂ ਦੇ ਛਾਂਦਾਰ ਤੇ ਫ਼ਲਦਾਰ ਬੂਟੇ ਲਗਾਏ ਗਏ।

ਇਸ ਮੋਕੇ ਤੇ ਡਾ.ਜਗਦੀਪ ਸਿੰਘ ਨੇ ਕਿਹਾ ਕਿ ਮਨੁੱਖ ਨੇ ਕੁਦਰਤ ਵਲੋਂ ਮਿਲੇ ਖੁਬਸੂਰਤ ਵਾਤਾਵਰਣ ਨੂੰ ਆਪ ਵਿਗਾੜ ਰਹੇ ਹਾਂ। ਅੱਜ ਦੇ ਪ੍ਰਦੂਸ਼ਣ ਭਰੇ ਵਾਤਾਵਰਣ ਨੂੰ ਸ਼ੁੱਧ ਕਰਨ ਲਈ ਹਰੇਕ ਵਿਅਕਤੀ ਨੂੰ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਅੱਜ ਦੇ ਯੁੱਗ ਵਿੱਚ ਲਗਾਤਾਰ ਵਧ ਰਹੇ ਪ੍ਰਦੂਸ਼ਣ ਕਾਰਨ ਵਾਤਾਵਰਣ ਵਿੱਚ ਸਲਫਰ ਡਾਇਆਕਸਾਈਡ ਅਤੇ ਨਾਈਟ੍ਰੋਜਨ ਡਾਇਆਕਸਾਈਡ ਦੀ ਮਾਤਰਾ ਕਾਫੀ ਹੱਦ ਤੱਕ ਵਧ ਗਈ ਹੈ। ਜਿਸ ਦੇ ਨਤੀਜੇ ਵਜੋਂ ਭਾਰਤ ਵਰਗੇ ਦੇਸ਼ ਵਿੱਚ ਕੈਂਸਰ ,ਦਮਾ,ਸਾਹ,ਤਪਦਿਕ ਅਤੇ ਦਿਲ ਦੇ ਰੋਗੀਆਂ ਦੀ ਗਿਣਤੀ ਵਿੱਚ ਤੇਜੀ ਨਾਲ ਵਾਧਾ ਹੋ ਰਿਹਾ ਹੈ ਅਤੇ ਦੇਸ਼ ਦੀ ਆਬਾਦੀ ਦਾ 1 % ਕੈਂਸਰ ਵਰਗੀ ਖਤਰਨਾਕ ਬੀਮਾਰੀ ਦੇ ਜਾਲ ਵਿੱਚ ਫਸ ਚੁੱਕਾ ਹੈ।ਇਸ ਲਈ ਸਾਨੂੰ ਕੁਦਰਤ ਵਲੋਂ ਦਿੱਤੇ ਗਏ ਇਸ ਅਨਮੋਲ ਤੋਹਫੇ ਦੀ ਸੰਭਾਲ ਜਿਮੇਵਾਰੀ ਨਾਲ ਕਰਨੀ ਚਾਹੀਦੀ ਹੈ।ਵਾਤਾਵਰਣ ਦੀ ਸੰਭਾਲ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਚਾਹੀਦੇ ਹਨ ਅਤੇ ਖੇਤੀ ਕਰਨ ਲਈ ਰਸਾਇਣਕ ਖਾਦਾਂ ਦੀ ਬਜਾਏ ਜੈਵਿਕ ਖਾਦਾਂ ਦਾ ਉਪਯੋਗ ਕਰਨਾ ਚਾਹੀਦਾ ਹੈ।ਕਿਉਂ ਜੋ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾ ਦੀ ਵੱਧ ਵਰਤੋਂ ਕਾਰਨ ਪੀਣ ਵਾਲਾ ਪਾਣੀ ਜਹਿਰੀਲਾ ਸ਼ੁਰੂ ਹੋ ਚੁੱਕਾ ਹੈ ਅਤੇ ਲੋਕਾਂ ਨੂੰ ਪਾਣੀ ਸ਼ੁੱਧ ਕਰਕੇ ਪੀਣਾ ਪੈ ਰਿਹਾ ਹੈ ਜਿਸ ਨਾਲ ਕਿ ਕਾਫੀ ਮਾਤਰਾ ਵਿੱਚ ਪਾਣੀ ਅਜਾਈ ਜਾ ਰਿਹਾ ਹੈ ਅਤੇ ਪਾਣੀ ਵਿੱਚਲੇ ਮਨੁੱਖੀ ਸਰੀਰ ਲਈ ਲੋੜੀਂਦੇ ਤੱਤ ਵੀ ਸ਼ੁੱਧੀ ਕਰਨ ਸਮੇਂ ਬਾਹਰ ਨਿਕਲ ਜਾਂਦੇ ਹਨ। ਇਸ ਮੌਕੇ ਜਸਦੀਪ ਸਿੰਘ ਧਾਰੀਵਾਲ, ਸੁਰਭੀ ਸ਼ਰਮਾ ਏ ਐਨ ਐਮ, ਡਾ ਅਨੁਪ੍ਰੀਤ ਸੀ ਐਚ ਓ, ਆਦਿ ਹਾਜਰ ਸਨ।

# ਸ਼੍ਰੀ ਲਾਲ ਬਹਾਦਰ ਸ਼ਾਸਤਰੀ ਕਾਲਜ ਵਿਖੇ ਸੱਤ ਰੋਜ਼ਾ ਫ਼ੈਕਲਟੀ ਪ੍ਰੋਗਰਾਮ ਦਾ ਹੋਇਆ ਆਯੋਜ਼ਨ




ਬਰਨਾਲਾ, (ਸੁਖਵਿੰਦਰ ਸਿੰਘ ਭੰਡਾਰੀ) ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਵਿਖੇ ਪ੍ਰਿੰਸੀਪਲ ਡਾ ਨੀਲਮ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੱਤ ਰੋਜ਼ਾ ਫੈਕਲਟੀ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆ ਇਸ ਟ੍ਰੇਨਿੰਗ ਪ੍ਰੋਗਰਾਮ ਦੇ ਕੋ-ਆਰਡੀਨੇਟਰ ਐਸੋਸੀਏਟ ਪ੍ਰੋਫ਼ੈਸਰ ਡਾ ਸੁਸ਼ੀਲ ਬਾਲਾ ਨੇ ਦੱਸਿਆ ਕਿ ਇਸਦਾ ਉਦੇਸ਼ ਫੈਕਲਟੀ ਨੂੰ ਅਪਗ੍ਰੇਡ ਕਰਨਾ ਹੈ। ਉਨ੍ਹਾਂ ਨੇ ਇਸ ਪ੍ਰੋਗਰਾਮ ਦੇ ਰਿਸੋਰਸ ਪਰਨਸ਼ਜ ਤੇ ਵਿਸ਼ਿਆ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਪਹਿਲੇ ਸੈਸ਼ਨ ਦੇ ਬੁਲਾਰੇ ਅਸਿਸਟੈਂਟ ਪ੍ਰੋਫ਼ੈਸਰ ਵੀਰਪਾਲ ਕੌਰ ਨੇ ਸਿਲੇਬਸ ਦੀ ਵਿਉਂਤ ਸੰਬੰਧੀ ਪੀ ਪੀ ਟੀ ਰਾਹੀਂ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਿਲੇਬਸ਼ ਦਾ ਇਨਸਟਰੱਕਸ਼ਨ ਪਲਾਨ ਬਣਾਉਣ ਨਾਲ ਅਧਿਆਪਕ ਆਪਣੇ ਸਿਲੇਬਸ ਨੂੰ ਪੂਰਾ ਕਰਾਉਣ ਸੰਬੰਧੀ ਵਧੇਰੇ ਸਪੱਸ਼ਟ ਹੋ ਜਾਦਾ ਹੈ। ਸਿਲੇਬਸ ਦੀ ਵਿਉਂਤ ਬਣਾਉਣ ਨਾਲ ਅਧਿਆਪਕ ਹੋਰ ਕਈ ਗੱਲਾਂ ਨੂੰ ਧਿਆਨ ਵਿੱਚ ਰੱਖਦਾ ਹੈ। ਉਸਨੇ ਲੈਕਚਰ ਲਈ ਕੀ ਤਕਨੀਕ ਵਰਤਣੀ ਹੈ। ਪੀ ਪੀ ਟੀ ਬਣਾਉਣੀ ਹੈ, ਕਲਾਸ ਵਿੱਚ ਸਾਂਝੀ ਚਰਚਾ ਕਰਨੀ ਹੈ। ਅਸਾਈਨਮੈਂਟ ਕਿਹੜੀ ਦੇਣੀ ਹੈ, ਪ੍ਰਾਜੈਕਟ ਕਿਹੜੇ ਬਣਾਉਦੇ ਹਨ ਆਦਿ। ਅਧਿਆਪਕ ਲਾਇਬ੍ਰੇਰੀ ਦੀ ਵਰਤੋਂ ਆਨਲਾਈਨ ਜਨਰਲ ਮਹੱਤਵਪੂਰਨ ਵੈਬਸਾਈਟ ਸੰਬੰਧੀ ਜਾਣਕਾਰੀ ਦਿੰਦਾ ਹੈ। ਉਹ ਆਪਣੇ ਕੋਰਸ ਦੀ ਆਊਟਕਮ, ਹਰ ਹਫ਼ਤੇ ਦਾ ਸਿਲੇਬਸ, ਟੈਸਟ, ਪੇਪਰ, ਮਹੱਤਵਪੂਰਨ ਦਿਹਾੜੇ ਸੰਬੰਧੀ ਵੀ ਜਾਣਕਾਰੀ ਮੁਹੱਈਆ ਕਰਵਾਉਂਦਾ ਹੈ। ਨਿਸ਼ਚਿਤ ਸਮੇਂ ਵਿੱਚ ਸਿਲੇਬਸ ਪੂਰਾ ਕਰਨਾ ਹੁੰਦਾ ਹੈ, ਐਮ ਐਸ ਟੀ ਲੈਣੇ ਇੰਨ੍ਹਾਂ ਗੱਲਾਂ ਦਾ ਵੀ ਧਿਆਨ ਰੱਖਿਆ ਜਾਂਦਾ ਹੈ। ਅਸਿਸਟੈਂਟ ਪ੍ਰੋਫ਼ੈਸਰ ਡਾ ਜਸਵੀਰ ਕੌਰ ਨੇ ਸਿਲੇਬਸ ਪੂਰਾ ਕਰਵਾਉਣ ਸੰਬੰਧੀ ਤੇ ਗੈਰਹਾਜ਼ਰ ਵਿਦਿਆਰਥੀਆਂ ਸੰਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਧਿਆਪਕ ਦਾ ਮੁੱਖ ਕੰਮ ਅਧਿਆਪਨ ਤੇ ਅਧਿਐਨ ਹੈ। ਅਧਿਆਪਕ ਨੇ ਪਾਠ-ਕ੍ਰਮ ਨੂੰ ਪੂਰਾ ਕਰਵਾਉਣਾ, ਲੰਮੇ ਸਮੇਂ ਤੋਂ ਗੈਰ ਹਾਜ਼ਰ ਵਿਦਿਆਥੀਆਂ ਨੂੰ ਪਾਠ ਕ੍ਰਮ ਪੂਰਾ ਕਰਵਾਉਣ ਸੰਬੰਧੀ ਵਿਉਂਤ ਬਣਾਉਣਾ , ਸਿਲੇਬਸ ਨੂੰ ਲਾਗੂ ਕਰਨਾ ਤੇ ਸੰਸੋਧਨ ਕਰਨਾ ਵੀ ਹੁੰਦਾ ਹੈ। ਅਧਿਆਪਕ ਕੋਲ ਪੜ੍ਹਾਈ ਦੇ ਨਾਲ-ਨਾਲ ਹੋਰ ਅਕਾਦਮਿਕ ਤੇ ਸਭਿਆਚਾਰਕ ਸਰਗਰਮੀਆਂ ਤੇ ਦਫ਼ਤਰੀ ਕਾਰਜ਼ ਦਾ ਵੀ ਭਾਰ ਹੁੰਦਾ ਹੈ। ਇਸਦੇ ਨਾਲ ਹੀ ਅਧਿਆਪਕ ਦਾ ਸਾਰਾ ਹੁੱਨਰ ਉਸਦੇ ਅਧਿਆਪਨ ਕਾਰਜ਼ ਵਿੱਚ ਆਉਂਦਾ ਹੈ। ਸਿਲੇਬਸ ਨਿਰਧਾਰਿਤ ਸਮੇਂ ਤੇ ਪੂਰਾ ਕਰਵਾਉਣ ਦੇ ਨਾਲ -ਨਾਲ ਗੈਰ ਹਾਜ਼ਰ ਵਿਦਿਆਰਥੀਆਂ ਨੂੰ ਸਿਲੇਬਸ ਕਿਵੇਂ ਪੂਰਾ ਕਰਵਾਇਆ ਜਾਵੇ, ਇਹ ਵੀ ਅਧਿਆਪਕ ਦੇ ਕਾਰਜ਼ ਖੇਤਰ ਵਿੱਚ ਆਉਦਾ ਹੈ। ਇਸ ਸੰਬੰਧੀ ਅਧਿਆਪਕ ਆਨਲਾਈਨ ਲੈਕਚਰ, ਵਾਧੂ ਲੈਕਚਰ, ਟੈਸਟ ਲੈਣ ਆਦਿ ਸ਼ਾਮਲ ਕਰਦਾ ਹੈ। ਸਮੁੱਚੇ ਰੂਪ ਵਿੱਚ ਸਮੁੱਚੀ ਵਿਚਾਰ ਚਰਚਾ ਬਹੁਤ ਸਾਰਥਕ ਤੇ ਲਾਹੇਵੰਦ ਸਿੱਧ ਹੋਈ।

# ਆਸਟ੍ਰੇਲੀਆਂ ਦੇ ਸ਼ਹਿਰ ਸ਼ੈਪਟਨ 'ਚ ਧੀਰਾ ਐਪਲ ਫਾਰਮ ਦਾ ਉਦਘਾਟਨ ਰਣਜੀਤ ਸਿੰਘ ਗਿੱਲ ਵਲੋਂ ਕੀਤਾ




ਖਰੜ,9 ਜੁਲਾਈ (ਕਾਲਾ ਸਿੰਘ ਸੈਣੀ ):-ਆਸਟ੍ਰੇਲੀਆਂ ਦੇ ਸ਼ਹਿਰ ਸ਼ੈਪਟਨ ਵਿਚ ਰਣਧੀਰ ਸਿੰਘ ਧੀਰਾ ਵਲੋਂ ਖੋਲੇ ਗਏ 'ਧੀਰਾ ਐਪਲ ਫਾਰਮ' ਦਾ ਉਦਘਾਟਨ ਸ੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਖਰੜ ਤੋਂ ਮੁੱਖ ਸੇਵਾਦਾਰ ਰਣਜੀਤ ਸਿੰਘ ਗਿੱਲ ਵਲੋਂ ਕੀਤਾ ਗਿਆ। ਉਨਾਂ ਉਦਘਾਟਨ ਕਰਨ ਸਮੇਂ ਰਣਧੀਰ ਸਿੰਘ ਧੀਰਾ ਅਤੇ ਸਮੂਹ ਸਮੂਹ ਪਰਿਵਾਰ ਨੂੰ ਤਰੱਕੀ ਲਈ ਸੁਭਕਾਮਨਾਵਾਂ ਦਿੱਤੀਆਂ ਤੇ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾਂ ਵਿਦੇਸ਼ਾਂ ਵਿਚ ਜਾ ਕੇ ਆਪਣੇ ਕਾਰੋਬਾਰ ਸਥਾਪਿਤ ਕੀਤੇ ਹਨ। ਇਸ ਮੌਕੇ ਗੁਰਦੁਆਰਾ ਕਮੇਟੀ ਸ਼ੈਪਟਨ ਦੇ ਪ੍ਰਧਾਨ ਗੁਰਮੀਤ ਸਿੰਘ, ਭੁਪਿੰਦਰ ਸਿੰਘ ਕਾਲਾ ਸਮੇਤ ਰਣਧੀਰ ਸਿੰਘ ਧੀਰਾ ਅਤੇ ਰਣਜੀਤ ਸਿੰਘ ਗਿੱਲ ਦੇ ਪ੍ਰੀਵਾਰਿਕ ਮੈਂਬਰ ਹਾਜ਼ਰ ਸਨ।

# ਈਸ਼ਰਮ ਕਾਰਡ ਵਾਲਿਆਂ ਦੇ ਨੀਲੇ ਕਾਰਡ ਬਣਾਉਣ ਲਈ 500 ਤੋਂ ਵੱਧ ਫਾਰਮ ਪ੍ਰਾਪਤ ਹੋਏ: ਗੁਰਮੰਦਰ ਸਿੰਘ




ਖਰੜ,9 ਜੁਲਾਈ ( ਕਾਲਾ ਸਿੰਘ ਸੈਣੀ ):-ਸਬ ਡਵੀਜ਼ਨ ਖਰੜ ਤਹਿਤ ਪੈਂਦੇ ਪੈਂਡੂ ਅਤੇ ਸ਼ਹਿਰੀ ਖੇਤਰ ਵਿਚ ਰਹਿੰਦੇ ਵਸਨੀਕਾਂ ਦੇ ਜਿਨਾਂ ਦੇ ਈਸ਼ਰਮ ਕਾਰਡ ਬਣੇ ਹੋਏ ਹਨ ਉਨਾਂ ਦੇ ਨੀਲੇ ਕਾਰਡ ਬਣਾਉਣ ਲਈ ਐਸ.ਡੀ.ਐਮ. ਕੰਪਲੈਕਸ ਖਰੜ ਵਿਖੇ ਵਿਸ਼ੇਸ਼ ਤੌਰ ਤੇ ਕੈਂਪ ਲਗਾਇਆ। ਇਸ ਮੌਕੇ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਵਲੋਂ ਇਸ ਕੈਂਪ ਦਾ ਜਾਇਜ਼ਾ ਲਿਆ। ਐਸ.ਡੀ.ਐਮ. ਨੇ ਦਸਿਆ ਕਿ ਇਸ ਕੈਂਪ ਵਿਚ ਖੁਰਾਕ ਤੇ ਸਪਲਾਈ ਵਿਭਾਗ ਖਰੜ, ਕੁਰਾਲੀ ਦੀ ਟੀਮ ਕੈਂਪ ਵਿਚ ਆਉਣ ਵਾਲੇ ਲੋਕਾਂ ਦੇ ਫਾਰਮ ਪ੍ਰਾਪਤ ਕਰੇਗੀ ਅਤੇ ਮੌਕੇ ਤੇ ਉਨਾਂ ਵਲੋਂ ਫਾਰਮ ਭਰਨ ਅਤੇ ਈਸ਼ਰਮ ਕਾਰਡ ਤੇ ਮਿਲਣ ਵਾਲੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਦੇ ਰਹੀ ਹੈ ਤੇ ਅੱਜ ਲਗਾਏ ਕੈਂਪ ਵਿਚ 500 ਤੋਂ ਵੱਧ ਫਾਰਮ ਪ੍ਰਾਪਤ ਹੋਏ ਹਨ ਜਿਨਾਂ ਨੂੰ ਖੁਰਾਕ ਤੇ ਸਪਲਾਈ ਵਿਭਾਗ ਦੀ ਟੀਮ ਵਲੋਂ ਪ੍ਰਾਪਤ ਕੀਤੇ ਗਏ ਹਨ। ਉਨਾਂ ਦਸਿਆ ਕਿ ਮੰਗਲਵਾਰ ਨੂੰ ਵੀ ਇਹ ਕੈਂਪ ਲੱਗੇਗਾ ਅਤੇ ਸਬ ਡਵੀਜ਼ਨ ਖਰੜ ਤਹਿਤ ਪੈਂਦੇ ਪੈਂਡੂ ਅਤੇ ਸਹਿਰੀ ਖੇਤਰ ਦੇ ਵਸਨੀਕ ਇਸ ਦਾ ਲਾਭ ਉਠਾ ਸਕਦੇ ਹਨ। ਇਸ ਮੌਕੇ ਧਰਮਿੰਦਰ ਪਾਲ ਸੁਪਰਡੰਟ, ਖੜਕ ਸਿੰਘ, ਸਹਾਇਕ ਖੁਰਾਕ ਤੇ ਸਪਲਾਈ ਅਫਸਰ ਕੁਰਾਲੀ ਹਰਦੀਪ ਸਿੰਘ, ਹਰਪ੍ਰੀਤ ਸਿੰਘ,ਮਨਦੀਪ ਸਿੰਘ, ਵਨੀਤਾ ਗੋਇਲ ਸਾਰੇ ਨਰੀਖਕ, ਮਨਜੀਤ ਸਿੰਘ ਜੱਗੂ ਨੰਬਰਦਾਰ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਆਪ ਆਗੂਆਂ ਨੇ ਘਰ ਦੀ ਕੁਰਕੀ ਰੁਕਵਾ ਕੇ ਇੱਕ ਨੌਜਵਾਨ ਦਾ ਬਚਾਇਆ ਆਸੀਆਨਾ




ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਅੱਜ ਇਕ ਨੌਜਵਾਨ ਦੇ ਘਰ ਦੀ ਕੁਰਕੀ ਨੂੰ ਰੁਕਵਾ ਕੇ ਉਸਦੇ ਘਰ ਨੂੰ ਬਚਾਉਣ ਦਾ ਇਤਿਹਾਸਿਕ ਕੰਮ ਕੀਤਾ ਹੈ।

ਇੱਥੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਸ਼ੇਰਪੁਰ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਸ਼ੇਰਪੁਰ ਨੇ ਇੱਕ ਪ੍ਰਾਈਵੇਟ ਬੈਂਕ ਤੋਂ ਲੋਨ ਲਿਆ ਹੋਇਆ ਸੀ ਜੋ ਲਗਾਤਾਰ ਵਧਣ ਕਾਰਨ 11 ਲੱਖ ਰੁਪਏ ਤੱਕ ਪਹੁੰਚ ਗਿਆ ਸੀ। ਅੱਜ ਉਕਤ ਬੈਂਕ ਵੱਲੋਂ ਅਧਿਕਾਰੀਆਂ ਨੂੰ ਨਾਲ ਲੈ ਕੇ ਗੁਰਪ੍ਰੀਤ ਸਿੰਘ ਦੇ ਘਰ ਦਾ ਕਬਜ਼ਾ ਅਤੇ ਕੁਰਕੀ ਕਰਨ ਲਈ ਟੀਮ ਪੁੱਜੀ। ਜਿਸ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕੁਰਕੀ ਤੇ ਕਬਜ਼ਾ ਕਰਨ ਪੁੱਜੇ ਬੈਂਕ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਰਾਬਤਾ ਕਾਇਮ ਕਰਕੇ ਮਾਲਕ ਦੇ ਸਿਰ ਚੜਿਆ 11 ਲੱਖ ਰੁਪਏ ਕਰਜੇ ਦਾ 3 ਲੱਖ 5 ਹਜਾਰ ਰੁਪਏ ਚ ਮੌਕੇ ਤੇ ਹੀ ਨਿਪਟਾਰਾ ਕਰ ਦਿੱਤਾ ਗਿਆ। ਇਕ ਲੱਖ 80 ਹਜਾਰ ਰੁਪੈ ਮੌਕੇ ਤੇ ਹੀ ਭਰ ਦਿੱਤੇ ਗਏ। ਅਤੇ ਤਿੰਨ ਮਹੀਨਿਆਂ ਚ ਭਰਨ ਦਾ ਬੈਂਕ ਅਧਿਕਾਰੀਆਂ ਤੋਂ ਸਮਾਂ ਲਿਆ ਗਿਆ ਹੈ। ਅਤੇ ਬਾਕੀ ਰਹਿੰਦਾ 1 ਲੱਖ 25 ਹਜਾਰ ਰੁਪੈ ਆਉਣ ਵਾਲੇ ਤਿੰਨ ਮਹੀਨਿਆਂ ਚ ਭਰਨ ਦਾ ਬੈਂਕ ਅਧਿਕਾਰੀਆਂ ਤੋਂ ਸਮਾਂ ਲਿਆ ਗਿਆ ਹੈ।

ਜਿਸ ਦੀ ਸਹਿਮਤੀ ਸਬੰਧੀ ਇੱਕ ਲਿਖਤੀ ਪੱਤਰ ਵੀ ਮੌਕੇ ਤੇ ਜਾਰੀ ਕਰਵਾਇਆ ਗਿਆ। ਇਸ ਮੌਕੇ ਰਾਜਵਿੰਦਰ ਸਿੰਘ ਰਾਜ ਨੇ ਦੱਸਿਆ ਕਿ ਇਹ ਪੈਸੇ ਲੋਕਾਂ ਦੇ ਸਹਿਯੋਗ ਨਾਲ ਇਕੱਠੇ ਕਰਕੇ ਦਿੱਤੇ ਗਏ ਹਨ ਤਾਂ ਕਿ ਉਕਤ ਨੌਜਵਾਨ ਗੁਰਪ੍ਰੀਤ ਸਿੰਘ ਦਾ ਘਰ ਕੁਰਕ ਹੋਣ ਤੋਂ ਬਚ ਸਕੇ ਇਸ ਸਮੇਂ ਹੋਰਨਾਂ ਤੋਂ ਇਲਾਵਾ ਮੇਲ ਸਿੰਘ ਮਾਹਮਦਪੁਰ, ਨਾਜਰ ਸਿੰਘ ਬਾਜਵਾ, ਗੁਰਦੀਪ ਸਿੰਘ ਸ਼ੇਰਪੁਰ ਆਦਿ ਆਗੂ ਹਾਜਰ ਸਨ।

# ਸਕੂਲਾਂ ਦੇ ਵਿਦਿਆਰਥੀਆਂ ਨੂੰ ਅਧਿਕਾਰਾਂ ਤੇ ਕਰਤੱਵਾਂ ਬਾਰੇ ਜਾਣਕਾਰੀ ਬੇਹੱਦ ਜਰੂਰੀ- ਰਾਜਪਾਲ ਸੇਖੋਂ

## ਐਸ.ਡੀ.ਐਮ. ਵੱਲੋਂ ਵਿਦਿਆਰਥੀਆਂ ਨੂੰ ਕਾਨੂੰਨਾਂ ਬਾਰੇ ਜਾਣਕਾਰੀ ਦੇਣ ਲਈ ਪੁਲਿਸ ਵਿਭਾਗ ਨੂੰ ਹਦਾਇਤ

ਬਰਨਾਲਾ, (ਸੁਖਵਿੰਦਰ ਸਿੰਘ ਭੰਡਾਰੀ) ਜ਼ਿਲ੍ਹਾ ਬਰਨਾਲਾ ਨੂੰ ਹਰਿਆ-ਭਰਿਆ ਬਣਾਉਣ ਲਈ ਵਿਭਾਗਾਂ ਨੂੰ ਪੌਦਿਆਂ ਦੀ ਵੰਡ ਕਰਨ ਵਾਸਤੇ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ ਵੱਖ ਵਿਭਾਗਾਂ ਨਾਲ ਮੀਟਿੰਗ ਕੀਤੀ।




ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਨੂੰ ਮੌਜੂਦਾ ਮੌਨਸੂਨ ਸੀਜ਼ਨ ਵਿੱਚ ਕਰੀਬ 5 ਲੱਖ ਪੌਦੇ ਲਾਉਣ ਦਾ ਟੀਚਾ ਮਿਲਿਆ ਹੈ ਪਰ ਜ਼ਿਲ੍ਹੇ ਵਿੱਚ ਟੀਚੇ ਤੋਂ ਵੱਧ ਪੌਦੇ ਲਾਏ ਜਾਣਗੇ। ਉਨ੍ਹਾਂ ਇਸ ਮੌਕੇ ਵੱਖ-ਵੱਖ ਵਿਭਾਗਾਂ ਨੂੰ ਪੌਦੇ ਲਾਉਣ ਦੇ ਟੀਚੇ ਦਿੱਤੇ ਗਏ ਹਨ। ਇਸ ਤੋਂ ਇਲਾਵਾ ਟਰਾਈਡੈਂਟ, ਆਈ ਓ ਐੱਲ, ਵੱਖ ਵੱਖ ਸਮਾਜਸੇਵੀ ਸੰਸਥਾਵਾਂ ਤੇ ਵਾਤਾਵਰਣ ਪ੍ਰੇਮੀਆਂ ਦੀ ਮਦਦ ਨਾਲ ਪੌਦੇ ਲਾਏ ਜਾਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ 7-8 ਲੱਖ ਪੌਦੇ ਲਾਏ ਜਾਣਗੇ ਜੋ ਕਿ ਜੰਗਲਾਤ ਵਿਭਾਗ ਰਾਹੀਂ ਦਿੱਤੇ ਜਾਣਗੇ।

ਉਨ੍ਹਾਂ ਸਕੂਲ ਸਿੱਖਿਆ ਵਿਭਾਗ ਨੂੰ ਸਕੂਲਾਂ ਵਿੱਚ, ਨਗਰ ਕੌਂਸਲ ਨੂੰ ਆਪਣੀ ਹਦੂਦ ਵਿੱਚ, ਪੇਂਡੂ ਵਿਕਾਸ ਵਿਭਾਗ ਨੂੰ ਪਿੰਡਾਂ ਵਿੱਚ ਵੱਡੇ ਪੱਧਰ ਤੇ ਪੌਦੇ ਲਾਉਣ ਲਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਹਰ ਇੱਕ ਬੂਟੇ ਦੀ ਜੀਓ ਟੈਗਿੰਗ ਕੀਤੀ ਜਾਵੇਗੀ ਤਾਂ ਜੋ ਪੌਦਿਆਂ ਦੀ ਮਗਰੋਂ ਸੰਭਾਲ ਵੀ ਹੋਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਅਨੁਪ੍ਰਿਤਾ ਜੌਹਲ, ਸੀ ਐਮ ਫੀਲਡ ਅਫ਼ਸਰ ਰਾਜਨ ਗੋਇਲ, ਰੇਂਜ ਅਫ਼ਸਰ (ਜੰਗਲਾਤ) ਅਜੀਤ ਸਿੰਘ ਸਣੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਕਾਨਪੁਰ ਸਟੈਂਡ ਆਪਰੇਟਰ ਕਤਲ ਕੇਸ ਚ ਇੰਸਪੈਕਟਰ ਦਾ ਤਬਾਦਲਾ, ਚੌਂਕੀ ਇੰਚਾਰਜ ਸਮੇਤ ਤਿੰਨ ਮੁਅੱਤਲ

ਕਾਨਪੁਰ (ਸੁਨੀਲ ਬਾਜਪਾਈ) ਨੌਬਸਤਾ ਥਾਣਾ ਇੰਚਾਰਜ ਨੂੰ ਹਟਾਉਣ ਦੇ ਨਾਲ-ਨਾਲ ਗੈਰ-ਕਾਨੂੰਨੀ ਤੌਰ ਤੇ ਚਲਾਏ ਆਟੋ-ਟੈਂਪੋ ਸਟੈਂਡ ਚ ਫਿਰੌਤੀ ਨੂੰ ਲੈ ਕੇ ਸੰਚਾਲਕ ਦੇ ਕਤਲ ਦੇ ਮਾਮਲੇ ਚ ਚੌਂਕੀ ਇੰਚਾਰਜ ਅਤੇ ਹਲਕਾ ਇੰਚਾਰਜ ਸਮੇਤ ਤਿੰਨ ਪੁਲਸ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਡੀਸੀਪੀ ਦੱਖਣੀ ਰਵਿੰਦਰ ਕੁਮਾਰ ਨੇ ਇੱਥੇ ਦੱਸਿਆ ਕਿ ਏਸੀਪੀ ਨੌਬਸਤਾ ਦੀ ਜਾਂਚ ਰਿਪੋਰਟ ਵਿੱਚ ਪੁਲੀਸ ਦੀ ਲਾਪਰਵਾਹੀ ਸਾਹਮਣੇ ਆਈ ਹੈ। ਇਸ ਕਾਰਨ ਨੌਬਸਤਾ ਥਾਣਾ ਇੰਚਾਰਜ ਜਗਦੀਸ਼ ਪਾਂਡੇ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਦਿੱਤਾ ਗਿਆ। ਇਸ ਦੇ ਨਾਲ ਹੀ ਚੌਂਕੀ ਇੰਚਾਰਜ ਬਸੰਤ ਬਿਹਾਰ ਛਤਰਪਾਲ ਸਿੰਘ, ਹਲਕਾ ਇੰਚਾਰਜ ਇੰਸਪੈਕਟਰ ਸਤਿੰਦਰ ਸਿੰਘ ਅਤੇ ਬੀਟ ਹੈੱਡ ਕਾਂਸਟੇਬਲ ਅਵਧੇਸ਼ ਕੁਮਾਰ ਨੂੰ ਲਾਪਰਵਾਹੀ ਲਈ ਮੁਅੱਤਲ ਕਰ ਦਿੱਤਾ ਗਿਆ।

ਦੱਸ ਦੇਈਏ ਕਿ ਹਨੂੰਮੰਤ ਵਿਹਾਰ ਨਿਵਾਸੀ ਹਰੀਕਰਨ ਸਿੰਘ (58) ਦੀ 5 ਜੁਲਾਈ ਦੀ ਸਵੇਰ ਨੂੰ ਕਿਨੌਬਸਤਾ ਚੌਰਾਹੇ ਤੇ ਗੈਰ-ਕਾਨੂੰਨੀ ਸਟੈਂਡ ਅਪਰੇਸ਼ਨ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ, ਜਿਸ ਤੋਂ ਬਾਅਦ ਕਾਤਲ ਸੌਰਭ ਨੂੰ ਵੀ ਪੁਲਸ ਨਾਲ ਮੁਕਾਬਲੇ ਦੌਰਾਨ ਗ੍ਰਿਫਤਾਰ ਕਰ ਲਿਆ ਗਿਆ ਸੀ। ਜੇਲ.

## ,,,*ਉੱਚੀ ਸ਼ਾਨ*,,,,,,,

ਮਾਂ ਪੰਜਾਬੀ ਬੋਲੀ ਤੋਂ ਅਸੀਂ ਹੋ
ਜਾਈਏ ਕੁਰਬਾਨ,
ਕਿੰਨੇ ਪੀਰ ਫਕੀਰਾਂ ਤੋ ਮਿਲਿਆ
ਇਸ ਵਰਦਾਨ।
ਕੱਲੀ ਪੰਜ ਆਬ ਦੀ ਨਹੀਂ, ਅੱਜ
ਦੁਨੀਆਂ ਵਿੱਚ ਪ੍ਰਧਾਨ,
ਵਾਰਿਸ ਸ਼ਾਹ, ਪੀਲੂ ਲਾਲ ਬਾਹੂ
ਹੋਏ ਪੁਰਸ਼ ਮਹਾਂਨ।
ਮੈਂ ਵਾਰ ਜਾਵਾਂ ਲੱਖਾਂ ਵਾਰੀ ਇਸ
ਤੋਂ ਆਪਣੀ ਜਾਨ,
ਗਾਲ ਲੱਗੇ ਜਿਸ ਵਿਸਰੇ , ਪੱਤੋ ,
ਨਾ ਢੋਈ ਵਿੱਚ ਜਹਾਨ।
ਆਉ ਸਾਰੇ ਕਸਮਾਂ ਖਾਈਏ ਉੱਚੀ
ਕਰੀਏ ਇਸ ਦੀ ਸ਼ਾਨ।

ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ ਮੋਗਾ

# ਅਕਾਲ ਸਹਾਏ ਲੰਗਰ ਕਮੇਟੀ ਵੱਲੋਂ ਕਿਲ੍ਹਾ ਫਤਿਹਗੜ ਸਾਹਿਬ ਵਿਖੇ ਸ਼ੈੱਡ ਪਾਉਣ ਦੀ ਸੇਵਾ ਸ਼ੁਰੂ

## ਜੈਕਾਰਿਆਂ ਦੀ ਗੂੰਜ ਚ' ਸੇਵਾ ਦੀ ਹੋਈ ਸ਼ੁਰੂਆਤ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵੀ ਰਹੇ ਮੋਜੂਦ

ਸ਼੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਹਰ ਸਾਲ ਖਾਲਸੇ ਦੇ ਕੌਮੀ ਤਿਉਹਾਰ ਹੋਲੇ ਮਹੱਲੇ ਮੌਕੇ ਲੱਖਾਂ ਦੀ ਤਦਾਦ ਵਿੱਚ ਸੰਗਤਾਂ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਪਹੁੰਚਦੀਆਂ ਹਨ ਤੇ ਉਨਾਂ ਸੰਗਤਾਂ ਦੀ ਸਰੀਰਕ ਤ੍ਰਿਪਤੀ ਲਈ ਵੱਖ ਵੱਖ ਥਾਵਾਂ ਤੋਂ ਸੰਗਤਾਂ ਲੰਗਰ ਲਗਾਉਣ ਲਈ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਆਉਂਦੀਆਂ ਹਨ ਤੇ ਲਗਾਤਾਰ 7-7 ਦਿਨ ਲੰਗਰ ਅਤੁੱਟ ਵਰਤਾਏ ਜਾਂਦੇ ਹਨ।ਸ਼੍ਰੀ ਫਤਿਹਗੜ ਸਾਹਿਬ ਤੇ ਲੁਧਿਆਣਾ ਦੀ ਅਕਾਲ ਸਹਾਏ ਲੰਗਰ ਕਮੇਟੀ ਵੱਲੋਂ 1999 ਤੋਂ ਲਗਾਤਾਰ ਹਰ ਸਾਲ ਹੋਲੇ ਮਹੱਲੇ ਮੌਕੇ ਕਿਲ੍ਹਾ ਫਤਿਹਗੜ ਸਾਹਿਬ ਵਿਖੇ ਲੰਗਰ ਲਗਾਇਆ ਜਾਂਦਾ ਹੈ।ਜਿਸ ਤੋਂ ਬਾਅਦ ਹੁਣ ਸੰਗਤਾਂ ਨੇ ਇਹ ਫੈਂਸਲਾ ਕੀਤਾ ਕਿ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਦੇ ਬਾਹਰ ਸ਼ੈੱਡ ਵੀ ਪਾਈ ਜਾਵੇ ਤਾਂ ਜੋ ਹੋਲੇ ਮਹੱਲੇ ਮੌਕੇ ਲੰਗਰ ਛੱਕਣ ਵਾਲੀਆਂ ਸੰਗਤਾਂ ਨੂੰ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਅਕਾਲ ਸਹਾਏ ਲੰਗਰ ਕਮੇਟੀ ਦੇ ਪ੍ਰਧਾਨ ਗੁਰਨਾਮ ਸਿੰਘ ਨੇ ਦੱਸਿਆ ਕਿ ਇਸ ਬਾਬਤ ਕਮੇਟੀ ਵੱਲੋਂ ਤਖਤ ਸ਼੍ਰੀ ਕੇਸਗੜ ਸਾਹਿਬ ਦੇ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਤੇ ਉਨਾਂ ਨੂੰ ਇਸ ਸੇਵਾ ਬਾਰੇ ਜਾਣਕਾਰੀ ਦਿੱਤੀ ਤੇ ਹੁਣ ਤਖਤ ਸਾਹਿਬ ਦੇ ਪ੍ਰਬੰਧ ਦੇ ਸਹਿਯੋਗ ਨਾਲ ਇਹ ਸੇਵਾ ਸ਼ੁਰੂ ਕੀਤੀ ਗਈ ਹੈ। ਜਿਸਦੇ ਤਹਿਤ ਅੱਜ ਸਵੇਰੇ ਕਿਲਾ ਫਤਿਹਗੜ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਉਪਰੰਤ ਰਾਗੀ ਸਿੰਘਾਂ ਵੱਲੋਂ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ ਗਿਆ। ਇਸ ਮੌਕੇ ਤਖਤ ਸ਼੍ਰੀ ਕੇਸਗੜ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵੀ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਉਨਾਂ ਕਿਹਾ ਕਿ ਸੰਗਤਾਂ ਬੜੀਆਂ ਭਾਗਾਂ ਵਾਲੀਆਂ ਹਨ ਜਿਨਾਂ ਨੂੰ ਇਹ ਸੇਵਾ ਕਰਨ ਦਾ ਮੌਕੇ ਮਿਲਿਆ ਹੈ।ਕਮੇਟੀ ਪ੍ਰਧਾਨ ਗੁਰਨਾਮ ਸਿੰਘ ਨੇ ਦੱਸਿਆ ਕਿ ਇਹ ਸੇਵਾ ਜਲਦ ਮੁਕੰਮਲ ਕਰ ਦਿੱਤੀ ਜਾਵੇਗੀ।ਇਸ ਮੌਕੇ ਅਰੰਭਤਾ ਦੀ ਅਰਦਾਸ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਤਖਤ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਐਡੀ:ਮੈਨੇਜਰ ਹਰਦੇਵ ਸਿੰਘ, ਜੇ.ਈ ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ ਸਾਗਰ, ਜੰਗ ਬਹਾਦਰ ਸਿੰਘ, ਹਰਦੀਪ ਸਿੰਘ, ਅਨੂਪ ਸਿੰਘ, ਜਤਿੰਦਰ ਸਿੰਘ, ਸਤਪਾਲ ਸਿੰਘ, ਅਮਨਦੀਪ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਹਰਿੰਦਰ ਸਿੰਘ, ਸੁਖਬੀਰ ਸਿੰਘ, ਜਗਦੀਪ ਸਿੰਘ ਤੇ ਹੋਰ ਸੰਗਤਾਂ ਮੌਜੂਦ ਸਨ।



# ਟਰੈਫ਼ਿਕ ਪੁਲਿਸ ਨੇ ਸਕੂਲੀ ਵਿਦਿਆਰਥੀਆਂ ਨੂੰ ਟਰੈਫ਼ਿਕ ਨਿਯਮਾਂ ਦਾ ਪਾਠ ਪੜ੍ਹਾਇਆ

ਗੁਰਦਾਸਪੁਰ-ਨਵਨੀਤ ਕੁਮਾਰ -

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਪੁਲਿਸ ਜ਼ਿਲ੍ਹਾ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ 1 ਜੁਲਾਈ ਤੋਂ 31 ਜੁਲਾਈ 2024 ਤੱਕ ਵਿਸ਼ੇਸ਼ ਮੁਹਿਮ ਚਲਾ ਕੇ ਟਰੈਫ਼ਿਕ ਰੂਲਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ। ਇਸੇ ਜਾਗਰੂਕਤਾ ਮੁਹਿਮ ਦੇ ਤਹਿਤ ਟਰੈਫ਼ਿਕ ਸੈੱਲ ਵੱਲੋਂ ਅੱਜ ਖ਼ਾਲਸਾ ਸੀਨੀਅਰ ਸਕੈਂਡਰੀ ਸਕੂਲ ਗੁਰਦਾਸਪੁਰ ਵਿਖੇ ਟਰੈਫ਼ਿਕ ਰੂਲਾਂ ਬਾਰੇ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੜਕੀ ਨਿਯਮਾਂ ਬਾਰੇ ਜਾਣੂ ਕਰਵਾਇਆ।

ਸੈਮੀਨਾਰ ਦੌਰਾਨ ਏ.ਐੱਸ.ਆਈ. ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ 16 ਸਾਲ ਤੋਂ 18 ਸਾਲ ਤੱਕ ਦੇ ਬੱਚੇ ਬਿਨਾਂ ਗੇਅਰ ਦੇ ਸਿਰਫ਼ ਟੂ ਵੀਲ੍ਹਰ ਹੀ ਚਲਾ ਸਕਦੇ ਹਨ ਪਰ ਪਹਿਲਾਂ ਉਨ੍ਹਾਂ ਲਈ ਆਪਣਾ ਡਰਾਈਵਿੰਗ ਲਾਇਸੰਸ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਨਾਬਾਲਗ ਬੱਚੇ ਕੋਈ ਵੀ ਚਾਰ ਪਹੀਆ ਵਾਹਨ ਜਾਂ ਗੇਅਰ ਵਾਲਾ ਵਾਹਨ ਨਹੀਂ ਚਲਾ ਸਕਦੇ ਅਤੇ ਜੇਕਰ ਕੋਈ ਨਾਬਾਲਗ ਬੱਚਾ ਅਜਿਹਾ ਵਾਹਨ ਚਲਾਉਂਦਾ ਹੈ ਤਾਂ ਉਸਦਾ ਚਲਾਨ




ਹੋਣ ਦੇ ਨਾਲ ਉਸਦੇ ਮਾਤਾ ਪਿਤਾ ਉੱਪਰ ਵੀ ਕਾਨੂੰਨੀ ਕਾਰਵਾਈ ਤਹਿਤ ਤਿੰਨ ਸਾਲ ਤੱਕ ਦੀ ਕੈਦ ਅਤੇ 25 ਹਜ਼ਾਰ ਰੁਪਏ ਜੁਰਮਾਨਾ ਹੋ ਸਕਦਾ ਹੈ। ਇਸ ਦੌਰਾਨ ਉਨ੍ਹਾਂ ਨੇ ਟਰੈਫ਼ਿਕ ਨਿਯਮਾਂ ਦੀ ਜਾਣਕਾਰੀ ਦੇਣ ਦੇ ਨਾਲ ਵਿਦਿਆਰਥੀਆਂ ਨੂੰ ਐਕਸੀਡੈਂਟ ਪੀੜਤ ਦੀ ਮਦਦ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਦੱਸਿਆ। ਉਨ੍ਹਾਂ ਨੇ ਪੁਲਿਸ ਹੈਲਪ ਲਾਈਨ ਨੰਬਰ 112 ਬਾਰੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਹਰਜਿੰਦਰਪਾਲ ਸਿੰਘ ਅਤੇ ਪਰਮਿੰਦਰ ਕੌਰ ਰੇਖਾ ਰਾਣੀ ਵੀ ਮੌਜੂਦ ਸਨ।

# ਪੁਲਿਸ ਦੀ ਚੰਗੀ ਕਾਰਗੁਜ਼ਾਰੀ ਨੂੰ ਦੇਖਦਿਆਂ ਐਸਐਚਓ ਜਗਜੀਤ ਸਿੰਘ ਘੁਮਾਣ ਦਾ ਕੀਤਾ ਸਨਮਾਨ

ਬਰਨਾਲਾ (ਸੁਖਵਿੰਦਰ ਸਿੰਘ ਭੰਡਾਰੀ) ਬੀਤੇ ਦਿਨ ਬਰਨਾਲਾ ਦੇ ਨੇੜਲੇ ਪਿੰਡ ਕਾਹਨੇਕੇ ਵਿਖੇ ਹੋਏ ਇੱਕ ਨਹਿੰਗ ਸਿੰਘ ਦੇ ਕਤਲਕਾਂਡ ਦੇ ਮਾਮਲੇ ਵਿੱਚ ਬਰਨਾਲਾ ਪੁਲਿਸ ਵੱਲੋਂ ਮੁਸਤੈਦੀ ਦੇ ਨਾਲ ਕਾਰਵਾਈ ਕੀਤੀ ਗਈ। ਜਿਸ ਆਧਾਰ ਤੇ ਅੱਜ ਮੰਗਲਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਥਾਣਾ ਰੂੜੇਕੇ ਐਸਐਚਓ ਜਗਜੀਤ ਸਿੰਘ ਘੁਮਾਣ ਦਾ ਪੀੜ੍ਹਤ ਪਰਿਵਾਰ ਸਮੇਤ ਨਹਿੰਗ ਸਿੰਘ ਜਥੇਬੰਦੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆ ਪੀੜ੍ਹਤ ਪਰਿਵਾਰ ਦੇ ਜਸਪਾਲ ਸਿੰਘ ਅਤੇ ਜਗਰਾਜ ਸਿੰਘ ਨੇ ਦੱਸਿਆ ਕਿ ਉਹਨਾਂ ਦੇ ਭਰਾ ਜਸਵਿੰਦਰ ਸਿੰਘ ਨਹਿੰਗ ਸਿੰਘ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ ਜਿਸ ਉੱਤੇ ਐਸਐਚਓ ਜਗਜੀਤ ਸਿੰਘ ਦੀ ਪੁਲਿਸ ਪਾਰਟੀ ਵੱਲੋਂ ਗੰਭੀਰਤਾ ਅਤੇ ਮੁਸਤੈਦੀ ਦੇ ਨਾਲ ਕਾਰਵਾਈ ਕਰਦਿਆ ਇਸ ਘਟਨਾ ਦੇ ਅੰਜਾਮ ਦੇਣ ਵਾਲੇ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ।ਜਿਸ ਨੂੰ ਦੇਖਦਿਆਂ ਅੱਜ ਉਹਨਾਂ ਦੇ ਪਰਿਵਾਰ ਸਮੇਤ ਨਹਿੰਗ




ਸਿੰਘ ਜਥੇਬੰਦੀ ਅਤੇ ਪਿੰਡ ਵਾਸੀਆਂ ਵੱਲੋਂ ਐਸਐਚਓ ਜਗਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਹੈ। ਉਹਨਾਂ ਨੇ ਬਰਨਾਲਾ ਦੇ ਐਸਐਸਪੀ ਸੰਦੀਪ ਕੁਮਾਰ ਮਲਿਕ ਆਈਪੀਐਸ ਦਾ ਧੰਨਵਾਦ ਕੀਤਾ ਹੈ ਅਤੇ ਕਿਹਾ ਕਿ ਐਸਐਸਪੀ ਬਰਨਾਲਾ ਬਹੁਤ ਹੀ ਨੇਕ ਇਨਸਾਨ ਹਨ ਜੋ ਹਰ ਮਾਮਲੇ ਨੂੰ ਗੰਭੀਰਤਾ ਦੇ ਨਾਲ ਲੈਂਦੇ ਹਨ। ਇਸ ਮੌਕੇ ਥਾਣਾ ਰੂੜੇਕੇ ਕਲਾਂ ਦੇ ਹੈਡ ਕਾਂਸਟੇਬਲ ਜਸਵਿੰਦਰ ਸਿੰਘ ਰਾਜੀਆ ਵੀ ਹਾਜ਼ਰ ਰਹੇ।

# ਹਜ਼ਾਰਾਂ ਤਕਲੀਫਾਂ ਆਉਣ ਤੋਂ ਬਾਅਦ ਸਕੂਨ ਦੇਣ ਵਾਲਾ ਸਿਰਫ ਪਰਮਾਤਮਾ ਹੀ ਹੈ ਉੱਚਾ ਦਰ ਬਾਬੇ ਨਾਨਕ ਦਾ, ਫਿਲਮ ਰਿਲੀਜ਼ ਹੋਵੇਗੀ 12 ਜੁਲਾਈ ਨੂੰ !!

ਚੰਡੀਗੜ੍ਹ, (ਲੋਕ ਬਾਣੀ) - ਤਰਨਵੀਰ ਸਿੰਘ ਜਗਪਾਲ ਦੁਆਰਾ ਨਿਰਦੇਸ਼ਤ ਪੰਜਾਬੀ ਫਿਲਮ ਉੱਚਾ ਦਰ ਬਾਬੇ ਨਾਨਕ ਦਾ ਲਈ ਸਿਤਾਰਿਆਂ ਨਾਲ ਭਰੀ ਪ੍ਰੈਸ ਕਾਨਫਰੰਸ ਨੇ ਫਿਲਮ ਦੇ ਡੂੰਘੇ ਸੰਦੇਸ਼ ਤੋਂ ਪਰਦਾ ਉਠਾਇਆ। 12 ਜੁਲਾਈ, 2024 ਨੂੰ ਰਿਲੀਜ਼ ਹੋਣ ਲਈ ਸੈੱਟ ਕੀਤਾ ਗਿਆ, ਇਸ ਪ੍ਰੈਸ ਕਾਨਫਰੰਸ ਵਿੱਚ ਯੋਗਰਾਜ ਸਿੰਘ, ਈਸ਼ਾ ਰਿਖੀ, ਨਰਿੰਦਰ ਗਾਖਲ ਅਤੇ ਹਾਰਬੀ ਸੰਘਾ ਦੀਆਂ ਸੂਝ-ਬੂਝਾਂ ਪੇਸ਼ ਕੀਤੀਆਂ ਗਈਆਂ। ਅੱਜ ਦੇ ਰੁਝੇਵੇਂ ਭਰੇ ਸਮਾਜਿਕ ਜੀਵਨ ਵਿੱਚ, ਲੋਕ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਦੇ ਹੋਏ ਅਕਸਰ ਡਿਪਰੈਸ਼ਨ ਵਿੱਚ ਫਸ ਜਾਂਦੇ ਹਨ। ਫਿਲਮ ਉੱਚਾ ਦਰ ਬਾਬਾ ਨਾਨਕ ਦਾ ਇਹ ਸੰਦੇਸ਼ ਦਿੰਦੀ ਹੈ ਕਿ ਇਹਨਾਂ ਮੁਸ਼ਕਿਲਾਂ ਨੂੰ ਦੂਰ ਕਰਨ ਅਤੇ ਪ੍ਰੇਰਿਤ ਕਰਨ ਲਈ, ਰੱਬ ਅੱਗੇ ਅਰਦਾਸ ਰਾਹੀਂ ਪ੍ਰਮਾਤਮਾ ਨਾਲ ਜੁੜਨ ਦੁਆਰਾ ਸਕੂਨ ਅਤੇ ਦਿਸ਼ਾ ਮਿਲਦੀ ਹੈ।

ਉੱਘੇ ਅਭਿਨੇਤਾ ਯੋਗਰਾਜ ਸਿੰਘ, ਜੋ ਫਿਲਮ ਵਿੱਚ ਮੁੱਖ ਭੂਮਿਕਾ ਨਿਭਾਅ ਰਹੇ ਹਨ, ਨੇ ਆਪਣੇ ਉਤਸ਼ਾਹ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ, ਉੱਚਾ ਦਰ ਬਾਬੇ ਨਾਨਕ ਦਾ ਸਿਰਫ ਇੱਕ ਫਿਲਮ ਨਹੀਂ ਹੈ; ਇਹ ਇੱਕ ਅਧਿਆਤਮਿਕ ਯਾਤਰਾ ਹੈ। ਕਹਾਣੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਤੱਤ ਨਾਲ ਗੂੰਜਦੀ ਹੈ, ਅਤੇ ਅਜਿਹੇ ਡੂੰਘੇ ਪ੍ਰੋਜੈਕਟ ਦਾ ਹਿੱਸਾ ਬਣਨਾ ਮਾਣ ਵਾਲੀ ਗੱਲ ਸੀ। ਮੈਨੂੰ ਵਿਸ਼ਵਾਸ ਹੈ ਕਿ ਇਹ ਫਿਲਮ ਦਿਲਾਂ ਨੂੰ ਛੂਹੇਗੀ ਅਤੇ ਬਹੁਤ ਸਾਰੇ ਲੋਕਾਂ ਨੂੰ ਪ੍ਰੇਰਿਤ ਕਰੇਗੀ।'




ਪ੍ਰਮੁੱਖ ਅਭਿਨੇਤਰੀ ਈਸ਼ਾ ਰਿਖੀ ਨੇ ਆਪਣੀਆਂ ਭਾਵਨਾਵਾਂ ਸਾਂਝੀਆਂ ਕਰਦੇ ਹੋਏ ਕਿਹਾ, ਇਸ ਫਿਲਮ ਵਿੱਚ ਕੰਮ ਕਰਨਾ ਇੱਕ ਤਬਦੀਲੀ ਵਾਲਾ ਅਨੁਭਵ ਰਿਹਾ ਹੈ। ਸਮੁੱਚੀ ਟੀਮ ਦੀ ਲਗਨ ਅਤੇ ਲਗਨ ਹਰ ਫਰੇਮ ਵਿੱਚ ਜ਼ਾਹਰ ਹੈ। ਮੈਂ ਇੱਕ ਅਜਿਹੇ ਪਾਤਰ ਨੂੰ ਪੇਸ਼ ਕਰਨ ਦੇ ਮੌਕੇ ਲਈ ਧੰਨਵਾਦੀ ਹਾਂ ਜੋ ਸਾਡੇ ਸਤਿਕਾਰਯੋਗ ਗੁਰੂ ਦੀਆਂ ਕਦਰਾਂ-ਕੀਮਤਾਂ ਅਤੇ ਸਿੱਖਿਆਵਾਂ ਨੂੰ ਦਰਸਾਉਂਦਾ ਹੈ।'

ਨਿਰਦੇਸ਼ਕ, ਲੇਖਕ ਅਤੇ ਨਿਰਮਾਤਾ ਤਰਨਵੀਰ ਸਿੰਘ ਜਗਪਾਲ ਨੇ ਫਿਲਮ ਦੇ ਤੱਤ ਨੂੰ ਉਜਾਗਰ ਕਰਦਿਆਂ ਟਿੱਪਣੀ ਕੀਤੀ, ਊਚਾ ਦਰ ਬਾਬੇ ਨਾਨਕ ਦਾ ਗੁਰੂ ਨਾਨਕ ਦੇਵ ਜੀ ਦੀਆਂ ਇਲਾਹੀ ਸਿੱਖਿਆਵਾਂ ਨੂੰ ਸਮਰਪਿਤ ਹੈ। ਇਹ ਫਿਲਮ ਪਿਆਰ ਦੀ ਕਿਰਤ ਹੈ, ਅਤੇ ਅਸੀਂ ਪੰਜਾਬ ਦੀ ਰੂਹਾਨੀ ਜੋਸ਼ ਅਤੇ ਸੱਭਿਆਚਾਰਕ ਅਮੀਰੀ ਨੂੰ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਹੈ। ਮੁੱਖ ਸੰਦੇਸ਼, ਕਿ ਮੁਸ਼ਕਲ ਦੇ ਸਮੇਂ, ਅਸੀਂ ਨਿਤਨੇਮ ਦੁਆਰਾ ਆਪਣਾ ਰਸਤਾ ਲੱਭਦੇ ਹਾਂ ਅਤੇ ਪ੍ਰਮਾਤਮਾ ਨਾਲ ਜੁੜਨਾ ਹੈ, ਮੈਨੂੰ ਉਮੀਦ ਹੈ ਕਿ ਸਰੋਤਿਆਂ ਨਾਲ ਡੂੰਘਾਈ ਨਾਲ ਗੂੰਜੇਗਾ।'

# ਪਿੰਡ ਠੂਠਿਆ ਵਾਲੀ ਦੇ ਨੇਤਰਹੀਨ ਪਰਿਵਾਰ ਨੂੰ ਰਾਸ਼ਨ ਦਿੱਤਾ ਗਿਆ




ਮਾਨਸਾ (ਮਨੋਜ) ਜਿਲਾ ਰੂਰਲ ਯੂਥ ਕਲੱਬਜ਼ ਅਸੋਸੀਏਸ਼ਨ ਮਾਨਸਾ ਵੱਲੋਂ ਮਨਦੀਪ ਕੋਰ ਜਿਲੇਦਾਰ ਪਤਨੀ ਲਖਵਿੰਦਰ ਸਿੰਘ ਪੰਜਾਬ ਪੁਲਿਸ ਦਾਨੀ ਸੱਜਣ ਦੀ ਮਦਦ ਨਾਲ ਨੇਤਰਹੀਨ ਪਰਿਵਾਰ ਨੂੰ ਰਾਸ਼ਨ ਦਿੱਤਾ ਗਿਆ ਤੇ ਜਿਲ੍ਹਾ ਮਾਨਸਾ ਦੇ ਪਿੰਡ ਠੂਠਿਆ ਵਾਲੀ ਇੱਕ ਘਰ ਵਿੱਚ ਇੱਕ ਮਾਂ ਤੇ ਦੋ ਪੁੱਤ ਠੂਠਿਆ ਵਾਲੀ ਪਿੰਡ ਵਿੱਚ ਰਹਿੰਦੇ ਹਨ, ਜਿੰਨਾ ਦੀ ਪਿਛਲੇ ਅਠਾਰਾ ਸਾਲਾਂ ਤੋ ਅੱਖਾ ਦੀ ਜੋਤ ਚਲੀ ਗਈ, ਅੱਜ ਤੱਕ ਉਹ ਨੇਤਰਹੀਨ ਬਣ ਕੇ ਰਹਿ ਗਏ। ਅੱਜ ਜਿਲਾ ਰੂਰਲ ਯੂਥ ਕਲੱਬਜ ਮਾਨਸਾ ਦੇ ਅਹੁਦੇਦਾਰ ਵੱਲੋ ਨਾਲ ਰਾਸ਼ਨ ਦਿੱਤਾ ਗਿਆ। ਸਟੇਟ ਅਵਾਰਡੀ ਰਜਿੰਦਰ ਕੁਮਾਰ ਵਰਮਾ ਨੇ ਕਿਹਾ ਇਸ ਨੇਤਰਹੀਨ ਪਰਿਵਾਰ ਤੋਂ ਪਤਾ ਲੱਗਿਆ ਕਿ ਰੋਟੀ ਤੇ ਚਾਹ ਵੀ ਨਹੀਂ ਬਣਾ ਸਕਦੇ, ਗੁਆਢ ਚੋ ਕਦੇ ਕੋਈ ਬਣਾ ਕੇ ਦਿੰਦਾ ਹੈ, ਸੋ ਜੇਕਰ ਦਾਨੀ ਸੱਜਣ ਦਾਨ ਕਰਨਾ ਜਾਂ ਕੁਝ ਹੋਰ ਇਸ ਪਰਿਵਾਰ ਲਈ ਦੇਣਾ ਚਾਹੁੰਦਾ ਹੈ ਜਾਂ ਕਿਸੇ ਅਜਿਹੇ ਹੋਰ ਪਰਿਵਾਰ ਲਈ ਉਹ ਆਪ ਵੀ ਪਿੰਡ ਜਾ ਕੇ ਦੇ ਸਕਦਾ ਹੈ ਜਾਂ ਸਾਡੇ ਨਾਲ ਰਾਜਿੰਦਰ ਕੁਮਾਰ ਵਰਮਾ ਨਾਲ ਸੰਪਰਕ ਕਰ ਸਕਦਾ ਹੈ। ਇਸ ਮੌਕੇ ਸਟੇਟ ਅਵਾਰਡੀ ਮਨੋਜ ਕੁਮਾਰ ਵੀ ਹਾਜਰ ਸਨ।

# ਭਗਵੰਤ ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਲਈ ਇੱਕ ਹੋਰ ਸਹੂਲਤ

## ਹੁਣ ਦਸਤਾਵੇਜ਼ ਤਸਦੀਕ ਕਰਵਾਉਣ ਲਈ ਪਟਵਾਰੀ ਦੇ ਦਫ਼ਤਰ ਗੇੜੇ ਮਾਰਨ ਦੀ ਨਹੀਂ ਲੋੜ

ਗੁਰਦਾਸਪੁਰ-ਨਵਨੀਤ ਕੁਮਾਰ -
ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਅਨੁਸਾਰ ਸਰਕਾਰ ਵੱਲੋਂ ਨਾਗਰਿਕਾਂ (ਜੀ2ਸੀ) ਨੂੰ ਦਿੱਤੀਆਂ ਜਾਂਦੀਆਂ ਸੇਵਾਵਾਂ ਨੂੰ ਨਿਰਵਿਘਨ ਅਤੇ ਹੋਰ ਸੁਖਾਲਾ ਬਣਾਉਣ ਦੇ ਉਦੇਸ਼ ਨਾਲ ਇੱਕ ਅਹਿਮ ਕਦਮ ਚੁੱਕਦਿਆਂ ਸੂਬੇ ਦੇ ਪ੍ਰਸ਼ਾਸਨਿਕ ਸੁਧਾਰ ਵਿਭਾਗ (ਡੀ.ਜੀ.ਆਰ.) ਨੇ ਈ-ਗਵਰਨੈਂਸ ਪ੍ਰਣਾਲੀ ਵਿੱਚ ਪਟਵਾਰੀਆਂ ਨੂੰ ਸ਼ਾਮਲ ਕੀਤਾ ਹੈ, ਜਿਸ ਨਾਲ ਹੁਣ ਦਸਤਾਵੇਜ਼ ਵੈਰੀਫਿਕੇਸ਼ਨ ਸਬੰਧੀ ਜ਼ਿਆਦਾਤਰ ਸੇਵਾਵਾਂ ਦਾ ਲਾਭ ਲੋਕ ਘਰ ਬੈਠੇ ਲੈ ਸਕਣਗੇ। ਇਹ ਕਦਮ ਜਾਤੀ, ਰਿਹਾਇਸ਼, ਬੁਢਾਪਾ ਪੈਨਸ਼ਨ ਸਕੀਮ ਅਤੇ ਆਮਦਨ ਸਰਟੀਫ਼ਿਕੇਟ ਸਮੇਤ ਹੋਰ ਕਈ ਸਰਟੀਫ਼ਿਕੇਟਾਂ ਲਈ ਤਸਦੀਕ ਪ੍ਰਕਿਰਿਆ ਨੂੰ ਸੁਚਾਰੂ ਬਣਾਏਗਾ। ਇਸ ਸਬੰਧੀ ਗੱਲ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਪਟਵਾਰੀਆਂ ਨੂੰ ਆਨਲਾਈਨ ਸਿਸਟਮ ਵਿੱਚ ਸ਼ਾਮਲ ਕਰਨ ਨਾਲ ਬਿਨੈਕਾਰਾਂ ਨੂੰ ਹੁਣ ਆਪਣੀ ਵੈਰੀਫਿਕੇਸ਼ਨ ਰਿਪੋਰਟਾਂ ਤੇ ਮੋਹਰ ਅਤੇ ਦਸਤਖ਼ਤ ਕਰਵਾਉਣ ਲਈ ਪਟਵਾਰੀ ਦੇ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਦੱਸਿਆ ਕਿ ਇੱਕ ਵਾਰ ਬਿਨੈ-ਪੱਤਰ ਜਮ੍ਹਾਂ ਕਰਵਾਉਣ ਤੇ ਉਸ ਅਰਜ਼ੀ ਨੂੰ ਸਬੰਧਤ ਦਫ਼ਤਰ ਦੁਆਰਾ ਸਬੰਧਤ ਪਟਵਾਰੀ ਨੂੰ ਆਨਲਾਈਨ ਭੇਜਿਆ ਜਾਵੇਗਾ। ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਇਹ ਆਨਲਾਈਨ ਵੈਰੀਫਿਕੇਸ਼ਨ ਸਿਸਟਮ ਬੇਲੋੜੀ ਕਾਗਜ਼ੀ ਕਾਰਵਾਈ ਨੂੰ ਖ਼ਤਮ ਕਰਨ ਅਤੇ ਲੋੜੀਂਦੇ ਦਸਤਾਵੇਜ਼ਾਂ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਤੋਂ ਇਲਾਵਾ ਬਿਨੈਕਾਰਾਂ ਤੇ ਬੋਝ ਨੂੰ ਘਟਾਉਣ ਲਈ ਤਿਆਰ ਕੀਤਾ ਗਿਆ ਹੈ। ਡਿਜ਼ੀਟਲ ਤਕਨਾਲੋਜੀ ਨਾਲ ਪੰਜਾਬ ਸਰਕਾਰ ਆਪਣੇ ਨਾਗਰਿਕਾਂ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਉਪਭੋਗਤਾ-ਅਨੁਕੂਲ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਬਿਨੈਕਾਰ ਹੁਣ ਲੋੜੀਂਦੇ ਸਰਟੀਫ਼ਿਕੇਟ ਪ੍ਰਾਪਤ ਕਰਨ ਲਈ ਆਪਣੀ ਵੈਰੀਫਿਕੇਸ਼ਨ ਆਨਲਾਈਨ ਕਰਵਾ ਸਕਦੇ ਹਨ ਅਤੇ ਇਹ ਪਹਿਲਕਦਮੀ ਸਰਕਾਰੀ ਸੇਵਾਵਾਂ ਦੀ ਡਿਜ਼ੀਟਾਈਜ਼ੇਸ਼ਨ ਅਤੇ ਨਾਗਰਿਕਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਬੇਹੱਦ ਅਹਿਮ ਕਦਮ ਹੈ।

# ਆਦਰਸ਼ ਸਕੂਲ ਚਾਉਕੇ ਦੇ ਵਫਦ ਦੀ ਮੀਟਿੰਗ ਮੁੱਖ ਮੰਤਰੀ ਨਿਵਾਸ 'ਤੇ ਹੋਈ



ਰਾਮਪੁਰਾ ਫੂਲ, (ਲੋਕ ਬਾਣੀ) - ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਹਨਾਂ ਦੇ ਵਫ਼ਦ ਵੱਲੋਂ ਮੁੱਖ-ਮੰਤਰੀ ਨਿਵਾਸ ਜਲੰਧਰ ਵਿਖੇ ਅਧਿਕਾਰੀਆਂ ਨਾਲ਼ ਅਹਿਮ ਮੀਟਿੰਗ ਕੀਤੀ ਗਈ। ਜਿਸ ਵਿੱਚ ਅਧਿਆਪਕਾਂ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਮੈਨੇਜਮੈਂਟ ਦੁਆਰਾ ਕੀਤੇ ਜਾ ਰਹੇ ਕੈਸ਼ -ਬੈਕ ਬਾਰੇ ਸਬੂਤ ਸਮੇਤ ਚਾਨਣਾ ਪਾਇਆ ਗਿਆ ਅਤੇ ਦੱਸਿਆ ਗਿਆ ਕੇ ਕਿਵੇਂ ਡੀ.ਈ.ਓ. ਦਫ਼ਤਰ ਬਠਿੰਡਾ ਦੁਆਰਾ ਆਡੀਓ, ਵੀਡੀਓ, ਸਟੇਟਮੈਂਟਾ ਅਤੇ ਵੀਹ ਅਧਿਆਪਕਾਂ ਦੇ ਲਿਖਤੀ ਬਿਆਨਾਂ ਨੂੰ ਨਜ਼ਰਅੰਦਾਜ਼ ਕੀਤਾ ਹੈ। ਸੱਤ ਮਹੀਨੇ ਬੀਤ ਜਾਣ ਦੇ ਬਾਵਜੂਦ ਡਿਪਾਰਟਮੈਂਟ ਵੱਲੋਂ ਕੋਈ ਪੁਖਤਾ ਕਦਮ ਨਹੀਂ ਚੁੱਕੇ ਗਏ। ਮੈਨੇਜਮੈਂਟ ਦੁਆਰਾ ਅਧਿਆਪਕਾਂ 'ਤੇ ਕੇਸ ਵਾਪਿਸ ਲੈਣ ਦਾ ਦਬਾ ਬਣਾਇਆ ਜਾ ਰਿਹਾ ਹੈ ਅਤੇ ਅਧਿਆਪਕਾਂ ਦੀਆਂ 7 ਮਹੀਨਿਆਂ ਤੋਂ ਤਨਖਾਹਾਂ ਰੋਕੀਆਂ ਗਈਆਂ ਹਨ ਜਿਸ ਦੀ ਸੂਚਨਾ ਵਾਰ -ਵਾਰ ਡਿਪਾਰਟਮੈਂਟ ਨੂੰ ਦਿੱਤੀ ਗਈ ਹੈ। ਪਰ ਜਿਲ੍ਹਾ ਸਿੱਖਿਆ ਦਫਤਰ ਬਠਿੰਡਾ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਉਲਟਾ ਇਹ ਕਿਹਾ ਗਿਆ ਕੇ ਤਨਖਾਹਾਂ ਮੈਨੇਜਮੈਂਟ ਨੇ ਪਾਉਣੀਆਂ ਹਨ। ਆਦਰਸ਼ ਸਕੂਲ ਅਧਿਆਪਕ ਸਾਡੇ ਨਾਲ਼ ਸੰਬੰਧਿਤ ਨਹੀਂ ਹਨ ਜਦੋਂ ਕਿ ਕਾਫ਼ੀ ਸਾਰੀਆਂ ਇਨਕੁਆਰੀਆਂ ਜਿਲ੍ਹਾ ਸਿੱਖਿਆ ਦਫਤਰ ਵੱਲੋਂ ਨਿਯੁਕਤ ਟੀਮਾਂ ਵੱਲੋਂ ਕੀਤੀਆਂ ਗਈਆਂ। ਮੁੱਖ-ਮੰਤਰੀ ਨਿਵਾਸ ਤੇ ਮੌਜੂਦ ਅਧਿਕਾਰੀਆਂ ਨੇ ਸਖ਼ਤ ਕਾਰਵਾਈ ਕਰਕੇ ਰੋਕੀਆਂ ਤਨਖਾਹਾਂ ਜਲਦ ਜਾਰੀ ਕਰਵਾਏ ਜਾਣ ਦਾ ਭਰੋਸਾ ਦਿੱਤਾ ਹੈ ਅਤੇ ਜਲਦ ਹੀ ਪੈਨਲ ਮੀਟਿੰਗ ਲਈ ਸੱਦਾ ਦੇਣ ਦਾ ਆਸਵਾਸਨ ਦਿੱਤਾ। ਅਧਿਆਪਕਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਤਨਖਾਹਾਂ ਜਾਰੀ ਨਾ ਕੀਤੀਆਂ ਗਈਆਂ ਤਾਂ ਸਰਕਾਰ ਅਤੇ ਮੈਨੇਜਮੈਂਟ ਖਿਲਾਫ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਅਧਿਆਪਕ ਸੰਦੀਪ ਸਿੰਘ, ਬਲਵਿੰਦਰ ਸਿੰਘ, ਮਨਪ੍ਰੀਤ ਸਿੰਘ ਸਮੇਤ ਹੋਰ ਅਧਿਆਪਕ ਹਾਜ਼ਰ ਸਨ।

# ਮੀਂਹ ਕਾਰਨ ਸਬਜ਼ੀਆਂ ਚੜ੍ਹੀਆਂ ਅਸਮਾਨੀ, ਰਸੋਈ ਦਾ ਬਜਟ ਹਿਲਿਆ

## ਗਰੀਬ ਹੁਣ ਸਬਜ਼ੀਆਂ ਖਾਣ ਤੋਂ ਵੀ ਹੋ ਰਹੇ ਵਾਂਝੇ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਸੂਬੇ ਅੰਦਰ ਪਿਛਲੇ ਦਿਨਾਂ ਤੋਂ ਪੈ ਰਹੀ ਬਾਰਿਸ਼ ਤੋਂ ਬਾਅਦ ਜਿੱਥੇ ਲੋਕਾਂ ਨੂੰ ਥੋੜੀ ਗਰਮੀ ਤੋਂ ਰਾਹਤ ਮਿਲੀ ਹੈ ਉੱਥੇ ਦੂਜੇ ਪਾਸੇ ਭਾਰੀ ਮੀਹ ਅਤੇ ਅੱਤ ਦੀ ਗਰਮੀ ਕਾਰਨ ਸਬਜ਼ੀਆਂ ਦੇ ਭਾਅ ਵੀ ਅਸਮਾਨੀ ਚੜ ਗਏ ਹਨ। ਜੇਕਰ ਸਬਜੀਆਂ ਦੇ ਭਾਅ ਦੀ ਗੱਲ ਕੀਤੀ ਜਾਵੇ ਤਾਂ ਕੱਦੂ, ਸਿਮਲਾ ਮਿਰਚ,ਫਲੀ, ਭਿੰਡੀ, ਬੈਂਗਣ, ਤੋਰੀ ਦੇ ਭਾਅ 60 ਰੁਪਏ ਕਿਲੋ ਤੋਂ ਉੱਪਰ ਹੋਏ ਹਨ। ਜਦਕਿ ਆਲੂ ਅੱਜ 40 ਰੁਪਏ ਪ੍ਰਤੀ ਕਿਲੋ ਅਤੇ ਪਿਆਜ਼ ਦੇ ਰੇਟ ਵੀ ਗਾਹਕ ਦੇ ਅੱਖਾਂ ਚੋਂ ਪਾਣੀ ਕੱਢਦੇ ਹਨ।ਹਰੇ ਮਾਟਰ, ਹਰੀ ਮਿਰਚ ਅਤੇ ਸਬਜ਼ੀਆਂ ਦੇ ਭਾਅ ਸੁਣ ਕੇ ਤਾਂ ਗਾਹਕ ਦੇ ਸਾਂਹ ਚੜ ਜਾਂਦੇ ਹਨ। ਸਬਜ਼ੀ ਕਾਸਤਕਾਰਾਂ ਦਾ ਕਹਿਣਾ ਹੈ ਕਿ ਇਸ ਵਾਰ ਜਿੱਥੇ ਅੱਤ ਦੀ ਗਰਮੀ ਨੇ ਬੇਲਾਂ ਨੂੰ ਸਾੜ ਦਿੱਤਾ ਹੈ ਉਥੇ ਭਾਰੀ ਬਰਸਾਤਾਂ ਨੇ ਵੀ ਸਬਜੀਆਂ ਦਾ ਵੱਡਾ ਨੁਕਸਾਨ ਕੀਤਾ ਹੈ। ਜਿਸ ਕਰਕੇ ਆਮ ਵਿਅਕਤੀ ਨੂੰ ਦਾਲ ਦਾ ਤੜਕਾ ਲਾਉਣ ਤੇ ਆਲੂ ਦੇ ਪਰੌਂਠੇ ਖਾਣੇ ਵੀ ਔਖੇ ਹੋ ਗਏ ਹਨ। ਸਬਜ਼ੀਆਂ ਦੇ ਵਧੇ ਭਾਅ ਕਾਰਨ ਆਮ ਆਦਮੀ ਦੀ ਜੇਬ ਤੇ ਆਰਥਿਕ ਬੋਝ ਹੋਰ ਵਧਿਆ ਹੈ। ਸਬਜੀ ਵਿਕਰੇਤਾ ਭਿੰਦਰ ਸ਼ੇਰਪੁਰ ਦਾ ਕਹਿਣਾ ਹੈ ਕਿ ਮੀਹ ਪੈਣ ਕਾਰਨ ਹੋਰਨਾਂ ਸੂਬਿਆਂ ਤੋਂ ਸਬਜ਼ੀ ਅਤੇ ਫਲਾਂ ਦੀ ਸਪਲਾਈ ਪ੍ਰਭਾਵਿਤ ਹੋ ਰਹੀ ਹੈ। ਜਿਸ ਕਰਕੇ ਸਬਜ਼ੀਆਂ ਅਤੇ ਫ੍ਰੂਟ ਦੀ ਕਮੀ ਆਉਣ ਕਰਕੇ ਭਾਅ ਵਧ ਰਹੇ ਹਨ। ਉਹਨਾਂ ਕਿਹਾ ਕਿ ਆਉਂਦੇ ਦਿਨਾਂ ਵਿੱਚ ਵੀ ਸਬਜੀਆਂ ਅਤੇ ਖਾਸ ਕਰਕੇ ਪਿਆਜ ਅਤੇ ਟਮਾਟਰ ਦੇ ਭਾਆ ਹੋਰ ਵੱਧ ਸਕਦੇ ਹਨ। ਉਹਨਾਂ ਇਹ ਵੀ ਦੱਸਿਆ ਕਿ ਸਬਜ਼ੀਆਂ ਦੇ ਸਮਾਨ ਚੜੇ ਭਾਅ ਕਾਰਨ ਉਹਨਾਂ ਦੀ ਦੁਕਾਨਦਾਰੀ ਦੀ ਵਿਕਰੀ ਤੇ ਵੀ ਕਾਫੀ ਅਸਰ ਪਿਆ ਹੈ। ਕਿਉਂਕਿ ਸਬਜ਼ੀ ਖਰੀਦਣਾ ਹੋਣਾ ਆਮ ਵਿਅਕਤੀ ਦੇ ਵੱਸ ਦੀ ਗੱਲ ਨਹੀਂ ਰਹੀ। ਦੇਖਣ ਵਿੱਚ ਆਇਆ ਹੈ ਕਿ ਇਸ ਵਾਰ ਪਿੰਡਾਂ ਦੀ ਸਬਜ਼ੀ ਕਾਸਤਕਾਰਾਂ ਵੱਲੋਂ ਕਾਸਬੇ ਅੰਦਰ ਕਾਫੀ ਘੱਟ ਮਾਤਰਾ ਵਿੱਚ ਸਬਜੀ ਵੇਚੀ ਜਾ ਰਹੀ ਹੈ। ਜਿਸਦਾ ਮੁੱਖ ਕਾਰਨ ਇਸ ਵਾਰ ਜਿਆਦਾ ਪਈ ਗਰਮੀ ਅਤੇ ਬਾਰਿਸ਼ਾਂ ਨੂੰ ਮੰਨਿਆ ਜਾ ਰਿਹਾ ਹੈ। ਕਿਸਾਨਾਂ ਦਾ ਇਹ ਵੀ ਕਹਿਣਾ ਹੈ ਕਿ ਉਨਾਂ ਵੱਲੋਂ ਸਬਜੀ ਉੱਪਰ ਕੀਤਾ ਖਰਚ ਵੀ ਉਹਨਾਂ ਦੇ ਪੱਲੇ ਪੈਂਦਾ ਨਜ਼ਰ ਨਹੀਂ ਆ ਰਿਹਾ।ਹੁਣ ਦੇਖਣਾ ਇਹ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਸਬਜ਼ੀਆਂ ਦੇ ਭਾਅ ਅਸਮਾਨੋਂ ਹੇਠਾਂ ਉਤਰਦੇ ਹਨ ਜਾਂ ਫਿਰ ਗਰੀਬ ਆਦਮੀ ਨੂੰ ਦਾਲਾਂ ਜਾਂ ਫਿਰ ਰੁੱਖੀ ਮਿੱਸੀ ਖਾ ਕੇ ਹੀ ਗੁਜਰਾ ਕਰਨਾ ਪਏਗਾ।




DIPS INSTITUTIONS
CHAIN OF DIPS INSTITUTIONS
KNOWLEDGE IS POWER
DIPS ITM
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
Contact: 95010-00697, 97806-00998

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
ਕੈਨੇਡਾ/ਯੂ. ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2155 ਵੀਜ਼ਾ
1 ਜਨਵਰੀ ਤੋਂ 30 ਮਾਰਚ ਤੱਕ ਲੱਗੇ
easyvisa | 8194828282